ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 26 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੧੩ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਆਰ. ਐਸ. ਐਸ. ਲੀਡਰ ਦੇ ਕਤਲ ਮਾਮਲੇ 'ਚ

# ਭਾਈ ਜਗਤਾਰ ਸਿੰਘ ਤਾਰਾ ਬਰੀ

**ਪਟਿਆਲਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਵਿੱਚ ਸੀਨੀਅਰ RSS ਆਗੂ ਰੁਲਦਾ ਸਿੰਘ ਦੇ ਕਤਲ ਕੇਸ ਵਿੱਚ ਅਦਾਲਤ ਨੇ ਭਾਈ ਜਗਤਾਰ ਸਿੰਘ ਅਤੇ ਰਮਨਦੀਪ ਸਿੰਘ ਗੋਲਡੀ ਨੂੰ ਬਰੀ ਕਰ ਦਿੱਤਾ ਹੈ। ਇਸ ਦੌਰਾਨ ਜਗਤਾਰ ਸਿੰਘ ਤਾਰਾ ਨੂੰ ਸਜ਼ਾ ਸੁਣਾਉਣ ਤੋਂ ਬਾਅਦ ਵਾਪਸ ਚੰਡੀਗੜ੍ਹ ਜੇਲ੍ਹ ਭੇਜ ਦਿੱਤਾ ਗਿਆ। ਦੱਸ ਦਈਏ ਕਿ ਜਗਤਾਰ ਸਿੰਘ ਤਾਰਾ 'ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਦਾ ਵੀ ਦੋਸ਼ ਹੈ। ਇਸ ਮਾਮਲੇ ਵਿੱਚ ਪੰਜ ਲੋਕਾਂ ਨੂੰ ਪਹਿਲਾਂ ਹੀ ਬਰੀ ਕੀਤਾ ਜਾ ਚੁੱਕਾ ਹੈ। ਇਹ ਮਾਮਲਾ ਲਗਭਗ 16 ਸਾਲ ਪੁਰਾਣਾ ਹੈ। 28 ਜੁਲਾਈ, 2009 ਦੀ ਸ਼ਾਮ ਨੂੰ ਜਦੋਂ ਆਰਐਸਐਸ ਨੇਤਾ ਰੁਲਦਾ ਸਿੰਘ ਆਪਣੀ ਕਾਰ ਵਿੱਚ ਅਨਾਜ ਮੰਡੀ ਸਰਹਿੰਦ ਰੋਡ ਸਥਿਤ ਆਪਣੇ ਘਰ ਪਹੁੰਚਿਆ ਤਾਂ ਤਿੰਨ ਅਣਪਛਾਤੇ ਨੌਜਵਾਨਾਂ ਨੇ ਉਨ੍ਹਾਂ ਦੇ ਘਰ ਦੇ ਸਾਹਮਣੇ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ। ਉਸਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਲਗਭਗ 2 ਹਫ਼ਤਿਆਂ ਬਾਅਦ ਉਸਦੀ ਮੌਤ ਹੋ ਗਈ। ਪੁਲਿਸ ਨੇ ਉਸ ਸਮੇਂ ਚਾਰ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ, ਜਿਨ੍ਹਾਂ ਨੂੰ 2015 ਵਿੱਚ ਸਬੂਤਾਂ ਦੀ ਘਾਟ ਕਾਰਨ ਬਰੀ ਕਰ ਦਿੱਤਾ ਗਿਆ ਸੀ। ਉਹ ਭਾਰਤੀ



ਜਨਤਾ ਪਾਰਟੀ ਦੇ NRI ਵਿੰਗ ਦਾ ਮੁਖੀ ਵੀ ਸੀ। ਦੱਸ ਦਈਏ ਕਿ ਪਟਿਆਲਾ ਪੁਲਿਸ ਨੇ ਇਸ ਮਾਮਲੇ ਵਿੱਚ ਕੁੱਲ 18 ਲੋਕਾਂ ਨੂੰ ਨਾਮਜ਼ਦ ਕੀਤਾ ਸੀ। 2015 ਵਿੱਚ ਦਰਸ਼ਨ ਸਿੰਘ ਮਕਰੋਪੁਰ, ਜਗਮੋਹਨ ਸਿੰਘ, ਦਲ ਸਿੰਘ, ਗੁਰਜੰਟ ਸਿੰਘ ਤੇ ਅਮਰਜੀਤ ਸਿੰਘ ਨੂੰ ਪਟਿਆਲਾ ਦੀ ਇੱਕ ਸਥਾਨਕ ਅਦਾਲਤ ਨੇ ਇਸ ਮਾਮਲੇ ਵਿੱਚ ਬਰੀ ਕਰ ਦਿੱਤਾ ਸੀ, ਜਦੋਂ ਕਿ ਜਗਤਾਰ ਸਿੰਘ ਤਾਰਾ ਤੇ ਟਾਈਗਰਜ਼ ਫੋਰਸ ਨਾਲ ਜੁੜੇ ਇੱਕ ਹੋਰ ਕਥਿਤ ਦੋਸ਼ੀ ਰਮਨਦੀਪ ਸਿੰਘ ਗੋਲਡੀ ਵਿਰੁੱਧ ਮੁਕੱਦਮਾ ਚੱਲ ਰਿਹਾ ਸੀ ਜਿਸ ਵਿੱਚ ਅੱਜ ਇਹ ਫੈਸਲਾ ਆਇਆ ਹੈ।




## ਅਵਾਰਾ ਕੁੱਤਿਆਂ ਨੇ 9 ਸਾਲਾਂ ਬੱਚੇ ਦੀ ਨੋਚ-ਨੋਚ ਕੇ ਲਈ ਜਾਨ

**ਲੁਧਿਆਣਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਗਰਾਓਂ ਨੇੜੇ ਕਸਬਾ ਮੁੱਲਾਂਪੁਰ ਦਾਖਾ ਦੇ ਪਿੰਡ ਮੋਹੀ ਵਿੱਚ ਹੱਡਾ ਰੋੜੀ ਦੇ ਆਵਾਰਾ ਕੁੱਤਿਆਂ ਵੱਲੋਂ ਇਕ 9 ਸਾਲ ਦੇ ਬੱਚੇ ਨੂੰ ਨੋਚ ਨੌਚ ਕੇ ਖਾ ਲੈਣ ਨਾਲ ਬੱਚੇ ਦੀ ਮੌਤ ਹੋ ਗਈ। ਨੌ ਸਾਲ ਦਾ ਬੱਚਾ ਸੰਜੀਵ ਸ਼ਾਹ ਅਜੇ ਥੋੜੇ ਦਿਨ ਪਹਿਲਾਂ ਹੀ ਬਿਹਾਰ ਤੋਂ ਆਪਣੇ ਰਿਸ਼ਤੇਦਾਰਾਂ ਨੂੰ ਆਪਣੀ ਮਾਂ ਦੇ ਨਾਲ ਮਿਲਣ ਪਿੰਡ ਮੋਹੀ ਆਇਆ ਸੀ। ਮੌਕੇ 'ਤੇ ਪਿੰਡ ਵਾਸੀਆਂ ਨੇ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਹੈ ਕਿ ਹੱਡਾ ਰੋੜੀ ਵਾਲੇ ਆਵਾਰਾ ਕੁੱਤਿਆਂ ਨੂੰ ਨੱਥ ਪਾਉਣ ਲਈ ਉਪਰਾਲੇ ਕੀਤੇ ਜਾਣ, ਤਾਂ ਜੋ ਅੱਗੇ ਤੋਂ ਅਜਿਹੀ ਕੋਈ ਘਟਨਾ ਨਾ ਵਾਪਰੇ। ਇਸ ਮੌਕੇ ਪਿੰਡ ਵਾਸੀਆਂ ਤੇ ਮ੍ਰਿਤਕ ਬੱਚੇ ਦੇ ਰਿਸ਼ਤੇਦਾਰਾਂ ਨੇ ਜਾਣਕਾਰੀ ਦਿੰਦੇ ਕਿਹਾ ਕਿ ਇਸ ਬੱਚੇ ਦੇ ਰਿਸ਼ਤੇਦਾਰ ਖੇਤਾਂ ਵਿੱਚ ਆਲੂ ਪੁੱਟਣ ਦਾ ਕੰਮ ਕਰਦੇ ਹਨ ਤੇ ਇਹ ਬੱਚਾ ਆਪਣੀ ਮਾਂ ਨਾਲ ਕੁਝ ਦਿਨ ਪਹਿਲਾਂ ਹੀ ਬਿਹਾਰ ਤੋਂ ਆਇਆ ਸੀ ਤੇ ਖੇਤਾਂ ਵਿਚ ਖੇਡਦਾ ਖੇਡਦਾ ਕਣਕ ਦੇ ਖੇਤਾਂ ਵੱਲ ਚਲਾ ਗਿਆ, ਜਿੱਥੇ ਹੱਡਾ ਰੋੜੀ ਦੇ ਆਵਾਰਾ ਕੁੱਤਿਆਂ ਨੇ ਇਸ ਨੂੰ ਘੇਰ ਲਿਆ ਤੇ ਇਸਦੇ ਕੰਨ, ਗਲੇ ਤੇ ਛਾਤੀ ਨੂੰ ਜਗ੍ਹਾ ਜਗ੍ਹਾ ਤੋਂ ਖਾ ਲਿਆ, ਜਦੋਂ ਤੱਕ ਇਸਦੇ ਰਿਸ਼ਤੇਦਾਰਾ ਨੂੰ ਪਤਾ ਲੱਗਿਆ, ਉਦੋਂ ਤੱਕ ਇਸ ਬੱਚੇ ਦੀ ਮੌਤ ਹੋ ਚੁੱਕੀ ਸੀ। ਸਾਰੇ ਪਿੰਡ ਵਾਸੀਆਂ ਨੇ ਇਨ੍ਹਾਂ ਆਵਾਰਾ ਕੁੱਤਿਆਂ ਖਿਲਾਫ ਬਣਦੀ ਕਾਰਵਾਈ ਦੀ ਮੰਗ ਕੀਤੀ ਹੈ ਤਾਂ ਜੋ ਪਿੰਡ ਵਾਸੀਆਂ ਨੂੰ ਇੰਨਾ ਆਵਾਰਾ ਕੁੱਤਿਆਂ ਤੋਂ ਛੁਟਕਾਰਾ ਮਿਲ ਸਕੇ।

## ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਦਾ ਮੁੜ ਵਧਿਆ ਪੁਲਿਸ ਰਿਮਾਂਡ



**ਅੰਮ੍ਰਿਤਸਰ/ਅਜਨਾਲਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ ਰਾਸ਼ਟਰੀ ਸੁਰੱਖਿਆ ਕਾਨੂੰਨ (NSA) 'ਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਸੁਣਵਾਈ ਹੋਈ। ਪਰ ਇਸ ਤੋਂ ਪਹਿਲਾਂ ਉਨ੍ਹਾਂ ਦੇ ਇੱਕ ਹੋਰ ਸਾਥੀ ਵਰਿੰਦਰ ਸਿੰਘ ਫੌਜੀ ਨੂੰ ਜਲਦੀ ਹੀ ਪੰਜਾਬ ਲਿਆਂਦਾ ਜਾਵੇਗਾ। ਵੀਰੇਂਦਰ ਸਿੰਘ 'ਤੇ ਲਗਾਏ ਗਏ ਰਾਸ਼ਟਰੀ ਸੁਰੱਖਿਆ ਕਾਨੂੰਨ (NSA) ਦੀ ਮਿਆਦ ਖਤਮ ਹੋ ਗਈ ਹੈ, ਜਿਸ ਤੋਂ ਬਾਅਦ ਅਜਨਾਲਾ ਪੁਲਿਸ ਦੀ ਇੱਕ ਟੀਮ ਉਸਨੂੰ ਲੈਣ ਲਈ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਪਹੁੰਚ ਗਈ ਹੈ। ਦੂਜੇ ਪਾਸੇ ਅਜਨਾਲਾ ਥਾਣਾ ਹਮਲਾ ਮਾਮਲੇ 'ਚ ਸਾਂਸਦ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦੀ ਅਜਨਾਲਾ ਕੋਰਟ 'ਚ ਪੇਸ਼ੀ ਹੋਈ। ਇਸ ਦੌਰਾਨ ਸਾਂਸਦ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਦਾ 28 ਮਾਰਚ ਤੱਕ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਹੈ। ਦੱਸ ਦਈਏ ਕਿ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਬਸੰਤ, ਕੁਲਵੰਤ ਸਿੰਘ, ਗੁਰਮੀਤ ਸਿੰਘ, ਹਰਜੀਤ ਸਿੰਘ, ਦਲਜੀਤ ਕਲਸੀ, ਗੁਰਮੀਤ ਬੁੱਕਣਵਾਲਾ ਅਤੇ ਭਗਵੰਤ ਬਾਜੇਕੇ ਨੂੰ ਪੇਸ਼ ਕੀਤਾ ਗਿਆ ਸੀ। ਇਨ੍ਹਾਂ ਕੋਲੋਂ ਪਹਿਲਾਂ ਪੁਲਿਸ ਨੇ ਪੁੱਛਗਿੱਛ ਵੀ ਕੀਤੀ ਸੀ। ਹੁਣ ਮੁੜ ਤੋਂ ਪੁਲਿਸ ਨੂੰ ਰਿਮਾਂਡ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਵੀ ਪੰਜਾਬ ਲਿਆਂਦਾ ਗਿਆ ਸੀ, ਜਿਨ੍ਹਾਂ ਦੇ ਪ੍ਰਮੁੱਖ ਨਾਵਾਂ ਵਿੱਚ ਦਲਜੀਤ ਸਿੰਘ ਕਾਹਨਵਾਲ, ਗੁਰਮੀਤ ਸਿੰਘ, ਵਰਿੰਦਰ ਸਿੰਘ, ਹਰਪ੍ਰੀਤ ਸਿੰਘ, ਜਸਪਾਲ ਸਿੰਘ, ਭੁਪਿੰਦਰ ਸਿੰਘ ਅਤੇ ਕੁਲਵੰਤ ਸਿੰਘ ਸ਼ਾਮਲ ਹਨ। ਇਨ੍ਹਾਂ ਸਾਰਿਆਂ ਨੂੰ ਮਾਰਚ 2023 ਵਿੱਚ 'ਵਾਰਿਸ ਪੰਜਾਬ ਦੇ' ਸੰਗਠਨ ਦੀਆਂ ਗਤੀਵਿਧੀਆਂ ਅਤੇ ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲੇ ਤੋਂ ਬਾਅਦ ਐਨਐਸਏ ਦੇ ਤਹਿਤ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਗਿਆ ਸੀ।

## ਕਿਸਾਨੀ ਮੋਰਚਾ ਖਿੰਡਾਉਣ ਵੇਲੇ ਪੁਲਿਸ ਨੇ ਕੀਤੀ ਬੇਅਦਬੀ ! ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚਿਆ ਮਾਮਲਾ, ਹੁਕਮਰਾਨ ਤੇ ਪੁਲਿਸ ਵਾਲਿਆਂ 'ਤੇ ਕਾਰਵਾਈ ਦੀ ਮੰਗ

**ਚੰਡੀਗੜ੍ਹ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਪਿਛਲੇ 13 ਮਹੀਨਿਆਂ ਤੋਂ



ਪੰਜਾਬ ਤੇ ਹਰਿਆਣਾ ਦੀਆਂ ਸਰਹੱਦਾਂ 'ਤੇ ਚੱਲ ਰਹੇ ਕਿਸਾਨੀ ਅੰਦੋਲਨ ਨੂੰ ਪੰਜਾਬ ਸਰਕਾਰ ਦੇ ਹੁਕਮਾਂ 'ਤੇ ਹਟਾ ਦਿੱਤਾ ਗਿਆ ਸੀ ਜਿਸ ਤੋਂ ਬਾਅਦ ਕਿਸਾਨਾਂ ਅਤੇ ਆਮ ਲੋਕਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਸੀ। ਇਸ ਮੌਕੇ ਕਿਸਾਨ ਆਗੂਆਂ ਵੱਲੋਂ ਕਿਹਾ ਜਾ ਰਿਹਾ ਹੈ ਇਸ ਦੌਰਾਨ ਅਖੰਡ ਜਾਪ ਨੂੰ ਅੱਧ ਵਿਚਾਲੇ ਰੁਕਵਾਇਆ ਗਿਆ ਸੀ। ਇਸ ਨੂੰ ਲੈ ਕੇ ਹੁਣ ਉਨ੍ਹਾਂ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚਿੱਠੀ ਲਿਖੀ ਗਈ ਹੈ। ਇਸ ਵਿੱਚ ਕਿਸਾਨ ਜਥੇਬੰਦੀਆਂ ਨੇ ਲਿਖਿਆ, ਸਿੱਖ ਧਰਮ ਦੀ ਸਰਵਉਚ ਅਦਾਲਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਜੀ ਬੇਨਤੀ ਹੈ ਕਿ ਖਨੌਰੀ ਬਾਰਡਰ ਵਿਖੇ ਚੱਲ ਰਹੇ ਕਿਸਾਨੀ ਸੰਘਰਸ਼ ਵਿਚ ਪਿੱਛਲੇ ਚਾਰ ਮਹੀਨਿਆਂ ਤੋਂ ਸ੍ਰੀ ਜਪੁਜੀ ਸਾਹਿਬ ਦੇ ਲਗਾਤਾਰ ਅਖੰਡ ਜਾਪ ਚੱਲ ਰਹੇ ਸਨ, ਜੋ ਵੱਡੇ ਆਕਾਰ ਦੀ ਜਪੁਜੀ ਸਾਹਿਬ ਦੀ ਪੋਥੀ ਸਾਹਿਬ ਜੀ ਤੋਂ ਕੀਤੇ ਜਾ ਰਹੇ ਸਨ ਜਿਹਨਾ ਦਾ ਤਕਰੀਬਨ 48 ਘੰਟਿਆਂ ਤੋਂ ਬਾਅਦ ਭੋਗ ਪਾਕੇ ਫੇਰ ਜਾਪ ਆਰੰਭ ਕਰ ਦਿੱਤੇ ਜਾਂਦੇ ਸਨ। ਇਹ ਜਾਪ ਗੁਰਮਤਿ ਮਰਿਯਾਦਾ ਅਨੁਸਾਰ ਇੱਕ ਪੱਕਾ ਸ਼ੈਡ ਬਣਾ ਕੇ ਉਸ ਦੇ ਥੱਲੇ ਟਰਾਲੀ ਵਿੱਚ ਸੁਸ਼ੋਭਿਤ ਪਾਲਕੀ ਸਾਹਿਬ ਵਿੱਚ ਕੀਤੇ ਜਾ ਰਹੇ ਸਨ, ਜਿਸ ਦਿਨ ਪੁਲਿਸ ਨੇ ਮੋਰਚੇ ਉੱਪਰ ਹਮਲਾ ਕਰ ਕਿਸਾਨਾਂ ਦੀ ਫੜੋ ਫੜੀ ਸ਼ੁਰੂ ਕੀਤੀ ਤਾਂ ਉਸ ਸਮੇਂ ਦਿਨ ਬੁੱਧਵਾਰ, 19 ਮਾਰਚ ਰਾਤ 8:30 ਵਜੇ ਦੇ ਕਰੀਬ ਬੀਬੀ ਦਲਜੀਤ ਕੌਰ, ਪਿੰਡ ਮੋਠ, ਜਿਲਾ ਹਿਸਾਰ (ਹਰਿਆਣਾ) ਪੋਥੀ ਸਾਹਿਬ ਤੋਂ ਪਾਠ ਕਰ ਰਹੇ ਸਨ, ਉਹਨਾਂ ਨੂੰ ਧੱਕੇ ਨਾਲ ਤਾਬਿਆ ਤੋਂ ਉਠਾਇਆ ਗਿਆ ! ਜਪੁਜੀ ਸਾਹਿਬ ਦੇ ਅਖੰਡ ਜਾਪ ਦੇ ਵੀਰਵਾਰ, 20 ਮਾਰਚ, ਸਵੇਰੇ 10 ਵਜੇ ਸੰਪੂਰਨ ਭੋਗ ਪਾਏ ਜਾਣੇ ਸਨ ਪਰ ਅੱਧ ਵਿਚਾਲੇ ਹੀ ਗੁਰਬਾਣੀ ਨੂੰ ਰੁਕਵਾ ਦਿੱਤਾ ਗਿਆ ਅਤੇ ਸੰਗਤਾਂ ਨੂੰ ਭੋਗ ਨਹੀਂ ਪਾਉਣ ਦਿੱਤਾ ਗਿਆ ਤੇ ਪੰਜਾਬ ਸਰਕਾਰ ਦੀ ਸ਼ੈਹ ਪ੍ਰਾਪਤ ਪੁਲਿਸ ਵੱਲੋਂ ਜਪੁਜੀ ਸਾਹਿਬ ਦੇ ਕੀਤੇ ਜਾ ਰਹੇ ਅਖੰਡ ਜਾਪ ਦੀ ਮਰਿਯਾਦਾ ਭੰਗ ਕੀਤੀ ਗਈ, ਪੁਲਸ ਪ੍ਰਸਾਸ਼ਨ ਦੀ ਇਸ ਕਾਰਵਾਈ ਨਾਲ ਸੰਗਤਾਂ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਹੈ। ਸੋ ਆਪ ਜੀ ਨੂੰ ਬੇਨਤੀ ਕਰਦੇ ਹਾਂ ਜਿਨਾਂ ਦੇ ਹੁਕਮਾਂ ਨਾਲ ਇਹ ਸਭ ਕੀਤਾ ਗਿਆ ਹੈ ਉਹਨਾਂ ਦੇ ਖ਼ਿਲਾਫ਼ ਤੇ ਉਸ ਮੌਕੇ ਤੇ ਹਾਜ਼ਰ ਉਹਨਾਂ ਅਫਸਰਾਂ ਨੂੰ ਸ੍ਰੀ ਆਕਾਲ ਤਖਤ ਸਾਹਿਬ ਉੱਪਰ ਤਲਬ ਕੀਤਾ ਜਾਵੇ ਕਿਉਂਕਿ ਉਹ ਅਫਸਰ ਸਿੱਖੀ ਸਰੂਪ ਚ ਸਨ ਅਤੇ ਉਹ ਮਰਿਯਾਦਾ ਬਾਰੇ ਚੰਗੀ ਤਰ੍ਹਾਂ ਜਾਣੂ ਸਨ ਉਹਨਾਂ ਨੇ ਜਾਣਬੁੱਝ ਕੇ ਮਰਿਯਾਦਾ ਦਾ ਖੰਡਣ ਕੀਤਾ ਹੈ, ਉਹਨਾਂ ਨੂੰ ਆਪਣੀ ਕੀਤੀ ਗਲਤੀ ਦਾ ਕੋਈ ਪਛਚਾਤਾਪ ਨਹੀਂ ਹੈ। ਆਪ ਜੀ ਉਹਨਾਂ ਨੂੰ ਜਲਦੀ ਤਲਬ ਕਰਕੇ ਉਹਨਾਂ ਨੂੰ ਸਿੱਖੀ ਸਿਧਾਂਤਾਂ ਅਨੁਸਾਰ ਤਨਖਾਹ ਲਗਾਊ ਅਤੇ ਉਹਨਾ ਉੱਪਰ ਕਾਨੂੰਨੀ ਕਾਰਵਾਈ ਵੀ ਕਰਵਾਈ ਜਾਏ ਤਾਂਕਿ ਕੋਈ ਅੱਗੇ ਤੋਂ ਇਸ ਤਰਾਂ ਦੀ ਗਲਤੀ ਨਾਂ ਕਰੇ ਆਪ ਜੀ ਦੀ ਅਤਿ ਮੇਹਰਬਾਨੀ ਹੋਵੇਗੀ!

## ਪਟਿਆਲਾ ਜੇਲ੍ਹ ਤੋਂ ਕਿਸਾਨਾਂ ਨੂੰ ਕੀਤਾ ਰਿਹਾਅ; ਸ਼ੰਭੂ ਤੇ ਖਨੌਰੀ ਬਾਰਡਰ ਤੋਂ ਕੀਤਾ ਗਿਆ ਸੀ ਗ੍ਰਿਫਤਾਰ



**ਨਾਭਾ/ਪਟਿਆਲਾ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਪੰਜਾਬ ਅਤੇ ਹਰਿਆਣਾ ਦੇ ਸ਼ੰਭੂ ਅਤੇ ਖਨੌਰੀ ਸਰਹੱਦਾਂ 'ਤੇ ਚੱਲ ਰਹੇ ਕਿਸਾਨ ਅੰਦੋਲਨ ਨੂੰ ਖਤਮ ਕਰ ਦਿੱਤਾ ਹੈ। ਪੁਲਿਸ ਨੇ ਬੁਲਡੋਜ਼ਰ ਦੀ ਮਦਦ ਨਾਲ ਸੜਕ 'ਤੇ ਲੱਗੇ ਤੰਬੂ ਅਤੇ ਹੋਰ ਸਮਾਨ ਨੂੰ ਹਟਾ ਦਿੱਤਾ। ਇਸ ਦੇ ਨਾਲ ਹੀ ਕਈ ਕਿਸਾਨਾਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ, ਜਿਨ੍ਹਾਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਸਾਰਿਆਂ ਨੂੰ ਸੋਮਵਾਰ ਦੇਰ ਰਾਤ ਰਿਹਾਅ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ, ਪੰਜਾਬ ਸਰਕਾਰ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਸੀ ਕਿ ਅਸੀਂ ਜਲਦੀ ਹੀ ਹਿਰਾਸਤ ਵਿੱਚ ਲਏ ਗਏ ਕਿਸਾਨਾਂ ਨੂੰ ਰਿਹਾਅ ਕਰਾਂਗੇ। ਦੱਸ ਦਈਏ ਕਿ ਉਕਤ 150 ਕਿਸਾਨਾਂ ਵਿੱਚੋਂ ਇੱਕ ਕਿਸਾਨ ਪਹਿਲਾਂ ਹੀ ਜ਼ਮਾਨਤ ਲੈ ਚੁੱਕਾ ਸੀ। ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਤੋਂ ਰਿਹਾਅ ਹੋਏ 70 ਕਿਸਾਨ ਵੱਖ-ਵੱਖ ਜ਼ਿਲ੍ਹਿਆਂ ਨਾਲ ਸਬੰਧਤ ਹਨ। ਜੇਲ੍ਹ ਸੁਪਰਡੈਂਟ ਇੰਦਰਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਹੁਣ ਉਨ੍ਹਾਂ ਦੀ ਹਿਰਾਸਤ ਵਿੱਚ ਸਿਰਫ਼ 17 ਕਿਸਾਨ ਹਨ। ਪੰਜਾਬ ਪੁਲਿਸ ਨੇ ਹਰਿਆਣਾ ਅਤੇ ਪੰਜਾਬ ਦੀਆਂ ਸ਼ੰਭੂ ਅਤੇ ਖਨੌਰੀ ਸਰਹੱਦਾਂ ਨੂੰ ਸਾਫ਼ ਕਰ ਦਿੱਤਾ ਸੀ ਜੋ 13 ਮਹੀਨਿਆਂ ਤੋਂ ਬੰਦ ਸਨ। ਇਸ ਦੌਰਾਨ ਜਿਨ੍ਹਾਂ ਕਿਸਾਨਾਂ ਨੂੰ ਪੁਲਿਸ ਨਾਲ ਬਹਿਸ ਅਤੇ ਲੜਾਈ ਕਰਦੇ ਦੇਖਿਆ ਗਿਆ, ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਹਿਰਾਸਤ ਵਿੱਚ ਲੈ ਲਿਆ ਗਿਆ। ਇਸ ਸਮੇਂ ਦੌਰਾਨ, 200 ਕਿਸਾਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਜਿਸ ਤੋਂ ਬਾਅਦ ਕਿਸਾਨਾਂ ਦੁਆਰਾ ਬਣਾਏ ਗਏ ਸ਼ੈੱਡਾਂ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ ਗਿਆ।

## ਨਰਾਇਣ ਸਿੰਘ ਚੌੜਾ ਨੂੰ ਮਿਲੀ ਜ਼ਮਾਨਤ, ਧਾਰਮਿਕ ਸਜ਼ਾ ਭੁਗਤ ਰਹੇ ਸੁਖਬੀਰ 'ਤੇ ਚਲਾਈ ਸੀ ਗੋਲ਼ੀ



**ਅੰਮ੍ਰਿਤਸਰ, 25 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੀ ਇੱਕ ਅਦਾਲਤ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਗੋਲੀਬਾਰੀ ਕਰਨ ਦੇ ਦੋਸ਼ੀ ਨਰਾਇਣ ਸਿੰਘ ਚੌੜਾ ਨੂੰ ਜ਼ਮਾਨਤ ਦੇ ਦਿੱਤੀ ਹੈ। ਇਸ ਫੈਸਲੇ ਤੋਂ ਬਾਅਦ ਇਹ ਮਾਮਲਾ ਫਿਰ ਚਰਚਾ ਵਿੱਚ ਆ ਗਿਆ ਹੈ। ਚੌੜਾ ਨੂੰ ਲਗਭਗ 4 ਮਹੀਨੇ ਜੇਲ੍ਹ ਵਿੱਚ ਰਹਿਣ ਤੋਂ ਬਾਅਦ ਜ਼ਮਾਨਤ ਮਿਲ ਗਈ ਹੈ। ਇਹ ਘਟਨਾ 2024 ਵਿੱਚ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਵਾਪਰੀ ਸੀ, ਜਦੋਂ ਸੁਖਬੀਰ ਸਿੰਘ ਬਾਦਲ ਕੰਪਲੈਕਸ ਦੇ ਬਾਹਰ ਸੇਵਾਦਾਰ ਵਜੋਂ ਸੇਵਾ ਨਿਭਾ ਰਹੇ ਸਨ। ਇਸ ਦੌਰਾਨ ਨਾਰਾਇਣ ਸਿੰਘ ਚੌੜਾ ਨੇ ਉਸ 'ਤੇ ਗੋਲੀ ਚਲਾ ਦਿੱਤੀ। ਹਾਲਾਂਕਿ, ਗੋਲੀ ਸੁਖਬੀਰ ਬਾਦਲ ਨੂੰ ਨਹੀਂ ਲੱਗੀ ਤੇ ਉਹ ਵਾਲ-ਵਾਲ ਬਚ ਗਏ। ਇਸ ਘਟਨਾ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਪਰਿਸਰ ਵਿੱਚ ਹਫੜਾ-ਦਫੜੀ ਮਚ ਗਈ ਅਤੇ ਪੁਲਿਸ ਨੇ ਤੁਰੰਤ ਨਾਰਾਇਣ ਚੌੜਾ ਨੂੰ ਗ੍ਰਿਫਤਾਰ ਕਰ ਲਿਆ। ਚੌੜਾ ਨੂੰ ਜ਼ਮਾਨਤ ਦਿੰਦੇ ਹੋਏ ਅੰਮ੍ਰਿਤਸਰ ਦੀ ਅਦਾਲਤ ਨੇ ਕਿਹਾ ਕਿ ਮਾਮਲੇ ਦੀ ਜਾਂਚ ਲਗਭਗ ਪੂਰੀ ਹੋ ਗਈ ਹੈ ਤੇ ਦੋਸ਼ੀ ਨੂੰ ਲੰਬੇ ਸਮੇਂ ਲਈ ਜੇਲ੍ਹ ਵਿੱਚ ਰੱਖਣ ਦਾ ਕੋਈ ਠੋਸ ਕਾਰਨ ਨਹੀਂ ਹੈ। ਜਿਸ ਤੋਂ ਬਾਅਦ ਉਸਨੂੰ ਜ਼ਮਾਨਤ ਮਿਲ ਗਈ ਹੈ। ਹਾਲਾਂਕਿ, ਇਹ ਸਪੱਸ਼ਟ ਨਹੀਂ ਹੈ ਕਿ ਜ਼ਮਾਨਤ 'ਤੇ ਰਿਹਾਈ ਲਈ ਕੀ ਸ਼ਰਤਾਂ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਸ਼ਹੀਦੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫਤਹਿ ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੇਹੜ ਵੱਡੋ ਪੰਥ ਕੀ ਜੀਤ

ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ।

ਮਿਤੀ 25 ਮਾਰਚ, 2025
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

ਮਿਤੀ 26 ਮਾਰਚ, 2025
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

ਮਿਤੀ 27 ਮਾਰਚ, 2025
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)




ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ

ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ,
ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ,
ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।
ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137



ਤਪ ਅਸਥਾਨ ਨਿਰਮਲ ਕੁਟੀਆ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ
ਧੰਨ ਧੰਨ ਬਾਬਾ ਹਾਕਮ ਸਿੰਘ ਜੀ ਕੁੱਲੀ ਵਾਲਿਆਂ ਦਾ
ਜਨਮ ਦਿਹਾੜੇ ਨੂੰ ਸਮਰਪਿਤ ਮਿੱਠੀ ਯਾਦ ਵਿਚ ਤਪ
ਅਸਥਾਨ ਨਿਰਮਲ ਕੁਟੀਆ ਦਸਮੇਸ਼ ਨਗਰ ਵਿਖੇ
29 ਮਾਰਚ 2025 (16 ਚੇਤਰ) ਸ਼ਨੀਵਾਰ ਨੂੰ
ਮਨਾਇਆ ਜਾ ਰਿਹਾ ਹੈ।ਆਪ ਜੀ ਨੇ ਪਰਿਵਾਰਾਂ ਸਮੇਤ ਸਮਾਗਮਾਂ ਵਿੱਚ
ਹਾਜ਼ਰੀਆਂ ਭਰਨੀਆਂ ਅਤੇ ਮਹਾਂਪੁਰਸ਼ਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।
ਬੇਨਤੀ ਕਰਤਾ: ਇੰਟਰਨੈਸਨਲ ਪੰਥਕ ਦਲ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ipd
ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ
ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ ipd
ਭਾਈ ਮਨਪ੍ਰੀਤ ਸਿੰਘ ਜੀ ਇਕਾਈ ਪ੍ਰਧਾਨ ਦਸਮੇਸ਼ ਨਗਰ
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





## ਹੋਲੇ ਮਹੱਲੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ

## 30 ਮਾਰਚ (ਦਿਨ ਐਤਵਾਰ)

**ਆਰੰਭਤਾ ਦੁਪਹਿਰ 12 ਵਜੇ**
**ਸਮਾਪਤੀ ਸਮਾਰੋਹ ਸ਼ਾਮ 5 ਵਜੇ ਹੋਵੇਗਾ**

ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ, ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਸਜਾਏ ਜਾਣਗੇ।



☛ ਵੀਰਵਾਰ 27 ਮਾਰਚ ਸ਼ਾਮ ਨੂੰ 5 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ । ☛ ਸ਼ੁੱਕਰਵਾਰ 28 ਮਾਰਚ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ ☛ ਸ਼ਨਿੱਚਰਵਾਰ 29 ਮਾਰਚ ਸ਼ਾਮ 5 ਵਜੇ ਭੋਗ ਅਰੰਭ ਹੋਣਗੇ ਭੋਗ ਪੈਣ ਉਪਰੰਤ 8 ਵਜੇ ਤੱਕ ਦੀਵਾਨ ਸਜਣਗੇ। ☛ ਐਤਵਾਰ 30 ਮਾਰਚ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਪੁਹੰਚ ਰਹੇ ਜਥੇ ਕਵੀਸ਼ਰੀ ਜਥਾ, ਕੀਰਤਨ ਜਥਾ, ਕਥਾ ਵਾਚਕ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰ੍ਹਾਂ-ਤਰ੍ਹਾਂ ਦੇ ਸਟਾਲ ਵੀ ਲੱਗਣਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢ ਕੇ ਇਹਨਾ ਸਮਾਗਮਾਂ ਵਿੱਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਕਰੋ ਕਿਰਪਾ ਨਿਧਿ ਬਚਨ ਅਮੋਲਾ ॥ ਔਰਨ ਕੀ ਹੋਲੀ ਮਮ ਹੋਲਾ ॥
ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ
ਦਮਦਮੀ ਟਕਸਾਲ ਇਟਲੀ
ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਹੋਲੇ ਮਹੱਲੇ ਨੂੰ ਸਮਰਪਿਤ
ਮਹਾਨ ਨਗਰ ਕੀਰਤਨ
30 ਮਾਰਚ 2025 ਦਿਨ ਐਤਵਾਰ ਨੂੰ ਸਜਾਏ ਜਾ ਰਹੇ ਹਨ।
ਸਮਾਂ : 12 ਵਜੇ ਤੋ ਸ਼ਾਮ 5 ਵਜੇ ਤੱਕ
ਆਪ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੁਹੁੰਚਣ ਦੀ ਕਿਰਪਾਲਤਾ ਕਰਨੀ।
ਕੌਮ ਦੇ ਮਹਾਨ ਰਾਗੀ ਢਾਡੀ, ਕਥਾਵਾਚਕ ਪੁਹੁੰਚ ਰਹੇ ਹਨ।
ਆਵਾਜ਼ਿ ਕੌਮ
AWAZE QAUM
International Newspaper & WEB TV
VIA GIACOMO MATTEOTTI N.3
CASALMORANO, CR, 26020, IT
EMAIL: GUR.DAMDAMITAKSAALITALY@GMAIL.COM
CALL +393475711755 / 3208124778







## ਪੰਥ ਬਚਾਓ ਪੰਜਾਬ ਬਚਾਓ

## ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

## ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ਼੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖ਼ਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰੂਦੁਆਰਿਆਂ ਦੀ ਸਾਂਭ ਸੰਭਾਲ



### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਮੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁੱਰਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜ਼ਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਣ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਸਹਾਇ

ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ (ਰਜਿ.)
Gurmat Sidhant Parcharak Sant Samaj (Regd.)

ਮੁੱਖ ਦਫ਼ਤਰ : ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਪਿੰਡ ਤੇ ਡਾਕਖਾਨਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ - 143114 (ਪੰਜਾਬ)
H.O.: Gurdwara Gurdarshan Parkash, V.P.O. Mehta, Distt. Amritsar - 143114 (Punjab)

# ਰੋਸ ਧਰਨੇ ਲਈ 28 ਮਾਰਚ ਦਿਨ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਤੋਂ ਕਾਫਲੇ ਦੇ ਰੂਪ 'ਚ ਚੱਲਿਆ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ॥

ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮਿਤੀ 14 ਮਾਰਚ 2025 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਈ ਪੰਥਕ ਇਕੱਤਰਤਾ ਵਿੱਚ ਲਏ ਗਏ ਫੈਸਲੇ ਅਨੁਸਾਰ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਨਮਾਨ ਦੀ ਬਹਾਲੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਮੌਕੇ **28 ਮਾਰਚ ਦਿਨ ਸੁਕਰਵਾਰ ਸਵੇਰੇ 11:30 ਵਜੇ ਸ੍ਰ. ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ** ਵਿਖੇ **ਰੋਸ ਧਰਨਾ** ਦਿੱਤਾ ਜਾਵੇਗਾ। ਆਪ ਜੀ ਨੇ ਆਪਣੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

ਨੋਟ:- ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸਵੇਰੇ 11 ਵਜੇ ਕਾਫਲੇ ਦੇ ਰੂਪ ਵਿੱਚ ਚਲਿਆ ਜਾਵੇਗਾ। ਕਿਰਪਾ ਕਰਕੇ ਸਮੇਂ ਸਿਰ ਪਹੁੰਚਿਆ ਜਾਵੇ ਜੀ।



ਹਰਨਾਮ ਸਿੰਘ ਖਾਲਸਾ

ਗੁਰੂ ਪੰਥ ਦਾ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ।

**ਸਮੂਹ ਸੰਗਤਾਂ ਪਰਿਵਾਰਾਂ ਸਮੇਤ ਕਾਫਲੇ 'ਚ ਸ਼ਾਮਲ ਹੋ ਕੇ ਰੋਸ ਧਰਨੇ 'ਚ ਪਹੁੰਚਣ ਦੀ ਕ੍ਰਿਪਾਲਤਾ ਕਰਨ ਜੀ**

ਆਵਾਜ਼ਿ ਕੌਮ
AWAZE QAUM
International Newspaper & WEB TV

Tel.: 01853-256426, (M) 98158-00904





# ਭਾਰਤੀ ਪੱਤਰਕਾਰ ਵਲੋਂ ਯੂਕੇ ਸਲੋਹ ਦੇ ਗੁਰਦੁਆਰਾ ਸਾਹਿਬ ਲਗੀਆਂ "ਖਾਲਿਸਤਾਨ" ਦੀਆਂ ਤਖ਼ਤੀਆਂ ਬਾਰੇ ਸ਼ਿਕਾਇਤ ਸਿੱਖ ਜੱਥੇਬੰਦੀਆਂ ਵਲੋਂ ਇਨ੍ਹਾਂ ਕਾਰਵਾਈਆਂ ਨੂੰ "ਵਿਦੇਸ਼ੀ ਦਖਲਅੰਦਾਜ਼ੀ" ਕਰਾਰ

ਨਵੀਂ ਦਿੱਲੀ 25 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਦਸੰਬਰ 2019 ਦੀਆਂ ਆਮ ਚੋਣਾਂ ਤੋਂ ਪਹਿਲਾਂ ਯੂਕੇ-ਅਧਾਰਤ ਭਾਰਤੀ ਪੱਤਰਕਾਰ, ਲਵੀਨਾ ਟੰਡਨ, ਜੋ ਇੰਡੀਆ ਟੂਡੇ ਲਈ ਕੰਮ ਕਰਦੀ ਹੈ, ਨੇ ਸ੍ਰੀ ਗੁਰੂ ਸਿੰਘ ਸਭਾ, ਸਲੋਹ ਦਾ ਦੌਰਾ ਕੀਤਾ ਅਤੇ ਸਵਾਲ ਕੀਤਾ ਕਿ ਗੁਰਦੁਆਰੇ ਵਿੱਚ "ਖਾਲਿਸਤਾਨ" (ਖਾਲਸੇ ਦੀ ਧਰਤੀ) ਸ਼ਬਦ ਵਾਲੀਆਂ ਤਖ਼ਤੀਆਂ ਕਿਉਂ ਹਨ। ਜਦਕਿ ਇਹ ਤਖ਼ਤੀਆਂ ਪਿਛਲੇ 40 ਸਾਲਾਂ ਤੋਂ ਗੁਰਦੁਆਰੇ ਵਿੱਚ ਲਗੀਆਂ ਹੋਈਆਂ ਹਨ ਅਤੇ ਹਰ ਹਫ਼ਤੇ ਗੁਰਦੁਆਰੇ ਆਉਣ ਵਾਲੇ ਹਜ਼ਾਰਾਂ ਸਿੱਖਾਂ ਅਤੇ ਗੈਰ-ਸਿੱਖਾਂ ਵੱਲੋਂ ਕਦੇ ਵੀ ਕੋਈ ਇਤਰਾਜ਼ ਨਹੀਂ ਕੀਤਾ ਗਿਆ। ਸਲੋਹ ਦੇ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਜੋ ਪਹਿਲੇ ਦਸਤਾਰਧਾਰੀ ਸਿੱਖ ਸੰਸਦ ਮੈਂਬਰ

ਆਵਾਜ਼ਿ ਕੌਮ AWAZE QAUM
International Newspaper & WEB TV

**ਜੂਨ 1984 ਤੋ ਲਗੀਆਂ ਹੋਈਆਂ ਹਨ ਤਖ਼ਤੀਆਂ, ਕਈ ਪਾਰਲੀਮੈਂਟ ਮੈਂਬਰ ਕਰ ਚੁੱਕੇ ਗੁਰਦੁਆਰਾ ਸਾਹਿਬ ਦਾ ਦੌਰਾ, ਕੋਈ ਇਤਰਾਜ ਨਹੀਂ ਹੋਇਆ**

ਹਨ ਓਸ ਸਮੇਂ ਹਾਜਿਰ ਸਨ । ਗੁਰਦੁਆਰੇ ਦੀ ਫੇਰੀ ਤੋਂ ਬਾਅਦ ਭਾਰਤੀ ਪੱਤਰਕਾਰ ਨੇ ਚੈਰਿਟੀ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਪਰ ਹੁਣ ਇਹ ਗੱਲ ਸਾਹਮਣੇ ਆਈ ਹੈ। ਚੈਰਿਟੀ ਕਮਿਸ਼ਨ ਨੇ ਖਾਲਿਸਤਾਨੀ ਤਖ਼ਤੀਆਂ ਦੀ ਧਾਰਮਿਕ ਅਤੇ ਧਾਰਮਿਕ ਮਹੱਤਤਾ ਬਾਰੇ ਗੁਰਦੁਆਰਾ ਟਰੱਸਟੀਆਂ ਦੇ ਸਪੱਸ਼ਟੀਕਰਨਾਂ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਗੁਰਦੁਆਰੇ ਦੇ ਮੈਂਬਰਸ਼ਿਪ ਦੁਆਰਾ ਪਾਸ ਕੀਤੇ ਗਏ ਮਤੇ ਨੂੰ ਸਵੀਕਾਰ ਕਰਨ ਤੋਂ ਵੀ ਇਨਕਾਰ ਕਰ ਦਿੱਤਾ ਜਿਸ ਵਿੱਚ ਟਰੱਸਟੀਆਂ ਨੂੰ ਤਖ਼ਤੀਆਂ ਨਾ ਹਟਾਉਣ ਦੀ ਹਦਾਇਤ ਕੀਤੀ ਗਈ ਸੀ। ਸਿੱਖ ਫੈਡਰੇਸ਼ਨ (ਯੂ.ਕੇ.) ਨੇ 25 ਫਰਵਰੀ ਨੂੰ ਲੇਬਰ ਸੰਸਦ ਮੈਂਬਰਾਂ ਨੂੰ ਲਿਖੇ ਇੱਕ ਪੱਤਰ ਵਿੱਚ ਕਿਹਾ ਕਿ ਇਹ ਜਾਪਦਾ ਹੈ ਕਿ ਕੰਜ਼ਰਵੇਟਿਵਾਂ ਨੇ ਗ੍ਰਹਿ ਦਫਤਰ ਦੀ ਟੀਮ ਦੀ ਵਰਤੋਂ ਚੈਰਿਟੀ ਕਮਿਸ਼ਨ ਨੂੰ ਕੁਝ ਗੁਰਦੁਆਰਿਆਂ ਨੂੰ ਅਣਉਚਿਤ ਢੰਗ ਨਾਲ ਨਿਸ਼ਾਨਾ ਬਣਾਉਣ ਲਈ ਵੀ ਕੀਤੀ। ਇੱਕ ਮਾਮਲੇ ਵਿੱਚ ਜੋ 5 ਸਾਲਾਂ ਤੋਂ ਚੱਲ ਰਿਹਾ ਹੈ, ਚੈਰਿਟੀ ਕਮਿਸ਼ਨ ਨੇ ਇੱਕ ਭਾਰਤੀ ਪੱਤਰਕਾਰ ਦੁਆਰਾ ਸਲੋਹ ਦੇ ਗੁਰਦੁਆਰੇ ਅਤੇ ਸਥਾਨਕ ਲੇਬਰ ਸਿੱਖ ਸੰਸਦ ਮੈਂਬਰ ਨੂੰ ਗਲਤ ਢੰਗ ਨਾਲ ਨਿਸ਼ਾਨਾ ਬਣਾਉਣ ਦੀ ਸ਼ਿਕਾਇਤ 'ਤੇ ਕਾਰਵਾਈ ਕੀਤੀ। ਰਾਸ਼ਟਰੀ ਸੁਰੱਖਿਆ ਐਕਟ 2023 ਹੁਣ ਲਗਭਗ ਨਿਸ਼ਚਤ ਤੌਰ 'ਤੇ ਭਾਰਤੀ ਪੱਤਰਕਾਰ ਦੀਆਂ ਕਾਰਵਾਈਆਂ ਨੂੰ "ਵਿਦੇਸ਼ੀ ਦਖਲਅੰਦਾਜ਼ੀ" ਮੰਨੇਗਾ ਅਤੇ ਪੱਤਰਕਾਰ ਦੀ ਜਾਂਚ ਕਰਨ ਦੀ ਲੋੜ ਹੋਵੇਗੀ ਜਿਸ ਨਾਲ ਮੁਕੱਦਮਾ ਚਲਾਇਆ ਜਾ ਸਕੇ। ਚੈਰਿਟੀ ਕਮਿਸ਼ਨ ਨੂੰ ਰਾਸ਼ਟਰੀ ਸੁਰੱਖਿਆ ਐਕਟ 2023 ਦੇ ਮੱਦੇਨਜ਼ਰ ਅਜਿਹੇ ਮਾਮਲਿਆਂ ਦੀ ਤੁਰੰਤ ਸਮੀਖਿਆ ਕਰਨ ਦੀ ਲੋੜ ਹੈ ਕਿਉਂਕਿ ਇਹ ਹੱਦ ਪਾਰ ਕਰ ਰਿਹਾ ਹੈ ਅਤੇ ਪ੍ਰਗਟਾਵੇ ਦੀ ਆਜ਼ਾਦੀ ਤੋਂ ਇਨਕਾਰ ਕਰ ਰਿਹਾ ਹੈ। ਇਸ ਬਾਰੇ ਪ੍ਰਚਾਰ ਚੈਰਿਟੀ ਕਮਿਸ਼ਨ ਅਤੇ ਸਰਕਾਰ ਲਈ ਬਹੁਤ ਸ਼ਰਮਨਾਕ ਹੋ ਸਕਦਾ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਨੁਮਾਇੰਦਿਆਂ ਨੇ ਸ੍ਰੀ ਗੁਰੂ ਸਿੰਘ ਸਭਾ ਸਲੋਹ ਦੇ ਟਰੱਸਟੀਆਂ ਨਾਲ ਇੱਕ ਮੀਟਿੰਗ ਵਿੱਚ ਹਿੱਸਾ ਲਿਆ ਜਿਸ ਵਿੱਚ ਇਸ ਸਾਂਝੇ ਉਦੇਸ਼ ਨਾਲ "ਖਾਲਿਸਤਾਨ" ਦੀਆਂ ਤਖ਼ਤੀਆਂ ਨਹੀਂ ਹਟਾਈਆਂ ਜਾਣੀਆਂ ਚਾਹੀਦੀਆਂ। ਚੈਰਿਟੀ ਕਮਿਸ਼ਨ ਨਾਲ ਵਿਦੇਸ਼ੀ ਦਖਲਅੰਦਾਜ਼ੀ ਅਤੇ ਰਾਸ਼ਟਰੀ ਸੁਰੱਖਿਆ ਐਕਟ 2023 ਦੇ ਪ੍ਰਭਾਵਾਂ ਪ੍ਰਤੀ ਸੁਚੇਤ ਰਹਿਣ ਦੀ ਜ਼ਰੂਰਤ 'ਤੇ ਚਰਚਾ ਕੀਤੀ ਗਈ ਜਦੋਂ ਸ਼ਿਕਾਇਤਾਂ ਅਤੇ ਵਿਦੇਸ਼ੀ ਸਬੰਧਾਂ ਵਾਲੇ ਸੰਗਠਨਾਂ ਦੀ ਗੱਲ ਆਉਂਦੀ ਹੈ ਜੋ ਸਲਾਹ ਦਿੰਦੇ ਹਨ। ਚੈਰਿਟੀ ਕਮਿਸ਼ਨ ਦੇ ਅਧਿਕਾਰੀਆਂ ਨੇ ਕਿਹਾ ਕਿ ਉਹ ਸੰਸਦ ਮੈਂਬਰਾਂ ਅਤੇ ਸਿੱਖ ਭਾਈਚਾਰੇ ਦੇ ਨੁਮਾਇੰਦਿਆਂ ਦੀ ਸਲਾਹ ਦੀ ਕਦਰ ਕਰਦੇ ਹਨ, ਪਰ ਪ੍ਰਤੀਨਿਧਤਾਵਾਂ 'ਤੇ ਵਿਚਾਰ ਕਰਨ ਲਈ ਹੋਰ ਸਮਾਂ ਚਾਹੀਦਾ ਹੈ।








ਮੌੜ ਮੰਡੀ ਬੰਬ ਧਮਾਕੇ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ

# ਪੀੜਤ ਪਰਿਵਾਰਾਂ ਨੂੰ ਇਨਸਾਫ਼ ਦੇਵੇ ਸਰਕਾਰ- ਜਥੇਦਾਰ ਗੜਗੱਜ



**ਨਵੀਂ ਦਿੱਲੀ, 25 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 2017 ਵਿੱਚ ਹੋਏ ਮੌੜ ਮੰਡੀ ਬੰਬ ਧਮਾਕੇ ਦੇ ਉਨ੍ਹਾਂ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਜਿਹੜੇ ਅੱਜ ਵੀ ਇਸ ਅੱਤਵਾਦੀ ਘਟਨਾ ਵਿੱਚ ਮਾਰੇ ਗਏ ਆਪਣੇ ਬੱਚਿਆਂ ਤੇ ਪਰਿਵਾਰਕ ਮੈਂਬਰਾਂ ਲਈ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਮੁਲਾਕਾਤ ਦੌਰਾਨ ਪੀੜਤ ਪਰਿਵਾਰਾਂ ਨੇ ਜਥੇਦਾਰ ਗੜਗੱਜ ਨੂੰ ਸਮੁੱਚੀ ਘਟਨਾ ਦੇ ਵੇਰਵੇ ਵਿਸਥਾਰ ਵਿੱਚ ਸਾਂਝੇ ਕੀਤੇ ਕਿ ਕਿਵੇਂ 31 ਜਨਵਰੀ 2017 ਨੂੰ ਉਨ੍ਹਾਂ ਦੇ ਮੁਹੱਲੇ ਵਿੱਚ ਇੱਕ ਸਿਆਸੀ ਰੈਲੀ ਦੇ ਦੌਰਾਨ ਬੰਬ ਧਮਾਕਾ ਹੋਇਆ ਜਿਸ ਵਿੱਚ ਪੰਜ ਬੱਚਿਆਂ ਸਮੇਤ ਸੱਤ ਜਣੇ ਮਾਰੇ ਗਏ। ਪਰਿਵਾਰਾਂ ਨੇ ਕਿਹਾ ਕਿ ਉਨ੍ਹਾਂ ਦੇ ਬੱਚੇ ਆਪਣੇ ਮੁਹੱਲੇ ਵਿੱਚ ਖੇਡ ਰਹੇ ਸਨ, ਜਦੋਂ ਉੱਥੇ ਕਰਵਾਈ ਇੱਕ ਸਿਆਸੀ ਰੈਲੀ ਦੇ ਨੇੜੇ ਬੰਬ ਧਮਾਕਾ ਹੋਇਆ ਅਤੇ ਉਨ੍ਹਾਂ ਦੇ ਬੱਚੇ ਸਿਆਸਤ ਦੀ ਭੇਟ ਚੜ੍ਹ ਗਏ। ਇਸ ਅੱਤਵਾਦੀ ਘਟਨਾ ਵਿੱਚ ਮੌੜ ਮੰਡੀ ਨਿਵਾਸੀ ਅੰਕੁਸ਼ ਸਿੰਗਲਾ, ਜਪਸਿਮਰਨ ਸਿੰਘ, ਵਰਖਾ ਰਾਣੀ, ਰਿਪਨਦੀਪ ਸਿੰਘ, ਸੌਰਵ ਸਿੰਗਲਾ, ਅਸ਼ੋਕ ਕੁਮਾਰ ਅਤੇ ਹਰਪਾਲ ਸਿੰਘ ਦੀ ਮੌਤ ਹੋ ਗਈ ਸੀ। ਪਰਿਵਾਰਾਂ ਨੇ ਜਥੇਦਾਰ ਨੂੰ ਦੱਸਿਆ ਉਨ੍ਹਾਂ ਵੱਲੋਂ ਇਨਸਾਫ਼ ਲਈ ਲੰਮੇ ਸੰਘਰਸ਼ ਦੇ ਬਾਵਜੂਦ ਉਨ੍ਹਾਂ ਨੂੰ ਨਿਆਂ ਨਹੀਂ ਮਿਲ ਰਿਹਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪੀੜਤ ਪਰਿਵਾਰਾਂ ਨੂੰ ਤੁਰੰਤ ਇਨਸਾਫ਼ ਦੇਣ ਦੀ ਗੱਲ ਕਰਦਿਆਂ ਪੰਜਾਬ ਸਰਕਾਰ ਨੂੰ ਸਵਾਲ ਕੀਤਾ ਕਿ ਉਹ ਅੱਜ ਤੱਕ ਇਸ ਘਟਨਾ ਨੂੰ ਅੰਜਾਮ ਦੇਣ ਵਾਲੇ ਲੋਕਾਂ ਤੱਕ ਕਿਉਂ ਨਹੀਂ ਪਹੁੰਚ ਸਕੀ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰਾਂ ਦਾ ਇਹ ਹੱਕ ਹੈ ਕਿ ਉਨ੍ਹਾਂ ਨੂੰ ਇਨਸਾਫ਼ ਮਿਲੇ। ਪੰਜਾਬ ਦਾ ਸੱਭਿਆਚਾਰ ਪੂਰਨ ਰੂਪ ਵਿੱਚ ਨਿਆਂ ਪੂਰਨ ਹੈ, ਸਾਡੇ ਲੋਕਾਂ ਵਿੱਚ ਸਮਾਜਿਕ ਕਦਰਾਂ ਕੀਮਤਾਂ ਹਨ। ਇਸੇ ਕਾਰਨ ਇੱਥੇ ਲੋਕ ਮਾਨਸਿਕਤਾ ਵਿੱਚ ਜੁਰਮ ਦਰ ਬਾਕੀ ਸਭ ਸੂਬਿਆਂ ਨਾਲੋਂ ਘੱਟ ਹੈ। ਪਰ ਇਸਦੇ ਬਾਵਜੂਦ ਪੰਜਾਬ ਦੀ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਇੱਥੇ ਤੰਤਰ ਨਿਆਂ ਤੋਂ ਸੱਖਣਾ ਹੈ। ਨਿਆਂ ਦੀ ਅਣਹੋਂਦ ਦੀ ਵੱਡੀ ਉਦਾਹਰਣ ਮੌੜ ਮੰਡੀ ਬੰਬ ਧਮਾਕੇ ਦੇ ਪੀੜਤ ਪਰਿਵਾਰ ਹਨ, ਜੋ 2017 ਤੋਂ ਲੈਕੇ ਹੁਣ ਤੱਕ ਇਹ ਅੱਤਵਾਦੀ ਕਾਰਾ ਕਰਨ ਵਾਲੇ ਦੋਸ਼ੀਆਂ ਨੂੰ ਸਜ਼ਾ ਦੀ ਉਡੀਕ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਹਾਲੇ ਤੱਕ ਕੋਈ ਗ੍ਰਿਫ਼ਤਾਰੀ ਵੀ ਨਹੀਂ ਹੋਈ। ਉਨ੍ਹਾਂ ਕਿਹਾ ਕਿ ਸਰਕਾਰਾਂ ਇਨਸਾਫ਼ ਦੇਣ ਦੀ ਬਜਾਏ ਇਹ ਕਾਰਾ ਕਰਨ ਵਾਲੇ ਅੱਤਵਾਦੀਆਂ ਨੂੰ ਬਚਾਉਣ ਦੇ ਨਾਲ-ਨਾਲ ਉਨ੍ਹਾਂ ਦੀ ਪੁਸ਼ਤਪਨਾਹੀ ਕਿਉਂ ਕਰ ਰਹੀਆਂ ਹਨ। ਜਥੇਦਾਰ ਗੜਗੱਜ ਨੇ ਪੁੱਛਿਆ ਕਿ ਕੀ ਇਹ ਪੀੜਤ ਲੋਕ ਇਸ ਦੇਸ਼ ਦੇ ਨਾਗਰਿਕ ਨਹੀਂ ਅਤੇ ਇਨ੍ਹਾਂ ਨੂੰ ਕਦੋਂ ਇਨਸਾਫ਼ ਦਿੱਤਾ ਜਾਵੇਗਾ? ਉਨ੍ਹਾਂ ਕਿਹਾ ਕਿ ਜਿਹੜੇ ਅੱਤਵਾਦੀਆਂ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ ਅੱਜ ਉਹ ਸਰਕਾਰੀ ਪੁਸ਼ਤਪਨਾਹੀ ਹੇਠ ਐਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੱਲ੍ਹ ਨੂੰ ਇਨ੍ਹਾਂ ਪਰਿਵਾਰਾਂ ਵਿੱਚੋਂ ਕੋਈ ਆਪ ਇਨਸਾਫ਼ ਲੈਣ ਤੁਰ ਪਿਆ ਤਾਂ ਇਹੀ ਸਰਕਾਰੀ ਤੰਤਰ ਉਸ ਨੂੰ ਅੱਤਵਾਦੀ ਕਹੇਗਾ ਤੇ ਤੀਹ-ਤੀਹ ਸਾਲਾਂ ਤੱਕ ਜੇਲ੍ਹਾਂ ਵਿੱਚ ਡੱਕ ਦੇਵੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਸੰਵਿਧਾਨ ਦੀ ਗੱਲ ਕਰਦੀਆਂ ਹਨ ਇਸ ਲਈ ਦੇਸ਼ ਦੇ ਸੰਵਿਧਾਨ ਦੇ ਤਹਿਤ ਹਰ ਨਾਗਰਿਕ ਨੂੰ ਨਿਆਂ ਮਿਲਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਜਿੰਨਾ ਚਿਰ ਤੱਕ ਪੀੜਤ ਪਰਿਵਾਰਾਂ ਨੂੰ ਇਨਸਾਫ਼ ਨਹੀਂ ਦਿੱਤਾ ਜਾਂਦਾ ਇਨ੍ਹਾਂ ਦੀ ਅਵਾਜ਼ ਸਮੁੱਚੇ ਪੰਥ ਅਤੇ ਪੰਜਾਬ ਨੂੰ ਨਾਲ ਲੈ ਕੇ ਚੁੱਕੀ ਜਾਵੇਗੀ।

ਮਹਾਰਾਸ਼ਟਰ ਦੇ ਮਸੂਲ ਮੰਤਰੀ ਸ੍ਰੀ ਚੰਦਰਸ਼ੇਖਰ ਬਾਵਨਕੁਲੇ ਅਤੇ ਨਾਂਦੇੜ ਜਿਲ੍ਹੇ ਦੇ ਸਰਪ੍ਰਸਤ ਮੰਤਰੀ ਸ੍ਰੀ ਅਤੁਲ ਸਾਵੇ ਨਾਲ ਮੁਲਾਕਾਤ ਅਤੇ

# ਗੁਰਦੁਆਰਾ ਬੋਰਡ ਦੇ ਵਿਕਾਸ ਬਾਰੇ ਵਿਚਾਰ - ਡਾ: ਵਿਜੇ ਸਤਬੀਰ ਸਿੰਘ



**ਚੌਕ ਮਹਿਤਾ, 25 ਮਾਰਚ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਡਾ: ਵਿਜੇ ਸਤਬੀਰ ਸਿੰਘ, ਸਾਬਕਾ ਆਈ.ਏ.ਐਸ. ਅਫਸਰ, ਮੁੱਖ ਪ੍ਰਬੰਧਕ ਗੁਰਦੁਆਰਾ ਤਖਤ ਸੱਚਖੰਡ ਬੋਰਡ, ਨਾਂਦੇੜ ਨੇ ਮਹਾਰਾਸ਼ਟਰ ਦੇ ਮਸੂਲ ਮੰਤਰੀ ਸ਼੍ਰੀ ਚੰਦਰਸ਼ੇਖਰ ਬਾਵਨਕੁਲੇ ਅਤੇ ਨਾਂਦੇੜ ਜਿਲ੍ਹੇ ਦੇ ਸਰਪ੍ਰਸਤ ਮੰਤਰੀ ਸ਼੍ਰੀ ਅਤੁਲ ਸਾਵੇ ਨਾਲ ਗੁਰਦੁਆਰਾ ਤਖਤ ਸੱਚਖੰਡ ਬੋਰਡ ਦੇ ਵਿਕਾਸ ਬਾਰੇ ਚਰਚਾ ਕਰਨ ਲਈ ਇੱਕ ਮੀਟਿੰਗ ਕੀਤੀ। ਇਸ ਸਮੇਂ ਨਾਂਦੇੜ ਜ਼ਿਲ੍ਹੇ ਦੇ ਕਲੈਕਟਰ ਡਾ: ਸ਼੍ਰੀ ਰਾਹੁਲ ਕਰਦਿਲੇ ਵੀ ਮੌਜੂਦ ਸਨ।

ਇਸ ਮੌਕੇ ਪ੍ਰਸ਼ਾਸਕ ਸਾਹਿਬ ਨੇ ਗੁਰਦੁਆਰਾ ਤਖ਼ਤ ਸੱਚਖੰਡ ਬੋਰਡ ਅਧੀਨ ਚੱਲ ਰਹੇ ਵਿਕਾਸ ਕਾਰਜਾਂ ਅਤੇ ਵਿੱਦਿਅਕ ਸੰਸਥਾਵਾਂ ਬਾਰੇ ਜਾਣਕਾਰੀ ਦਿੱਤੀ ਜਿਸ ਵਿੱਚ ਪ੍ਰਸ਼ਾਸਕ ਸਾਹਿਬ ਦੇ ਯਤਨਾਂ ਨਾਲ ਸ਼ੁਰੂ ਕੀਤੀ ਗਈ ਨਾਂਦੇੜ ਹਵਾਈ ਸੇਵਾ ਇਸ ਸਮੇਂ ਦੇਸ਼ ਦੇ ਕੁੱਲ 09 ਸ਼ਹਿਰਾਂ ਨਾਲ ਜੁੜੀ ਹੋਈ ਹੈ ਅਤੇ ਇਸ ਸੇਵਾ ਨੂੰ ਮੁੰਬਈ ਅਤੇ ਦੇਸ਼ ਦੇ ਹੋਰ ਵੱਡੇ ਸ਼ਹਿਰਾਂ ਨਾਲ ਜੋੜਨ ਬਾਰੇ ਚਰਚਾ ਕੀਤੀ ਗਈ। ਨਾਲ ਹੀ ਕਈ ਵਿਦਿਅਕ ਅਦਾਰੇ ਗੁਰਦੁਆਰਾ ਬੋਰਡ ਵੱਲੋਂ ਚਲਾਏ ਜਾ ਰਹੇ ਹਨ। ਜਿਸ ਵਿੱਚ CBSE ਸਕੂਲ, ITI, ਇੰਟਰਨੈੱਟ ਦੀ ਸਹੂਲਤ ਵਾਲੀ ਆਧੁਨਿਕ ਲਾਇਬ੍ਰੇਰੀ ਦੇ ਨਾਲ-ਨਾਲ ਕਈ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਲੋੜੀਂਦੀਆਂ ਕਿਤਾਬਾਂ ਸ਼ਾਮਲ ਹਨ। ਗੁਰਦੁਆਰਾ ਬੋਰਡ ਵੱਲੋਂ ਸ੍ਰੀ ਦਸਮੇਸ਼ ਹਸਪਤਾਲ ਚਲਾਇਆ ਜਾ ਰਿਹਾ ਹੈ, ਜਿਸ ਵਿੱਚ ਕਾਰਡੀਓਲੋਜਿਸਟ, ਦੰਦਾਂ ਦੇ ਡਾਕਟਰ, ਸ਼ੂਗਰ, ਬਲੱਡ ਪ੍ਰੈਸ਼ਰ, ਡਾਇਲਸਿਸ ਆਦਿ ਵਰਗੇ ਵੱਡੇ ਅਤੇ ਮਹਿੰਗੇ ਇਲਾਜ ਬਹੁਤ ਘੱਟ ਖਰਚੇ 'ਤੇ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਲਈ ਬਹੁਤ ਹੀ ਘੱਟ ਭੇਟਾਂ 'ਤੇ ਰਿਹਾਇਸ਼ ਉਪਲਬਧ ਹੈ ਅਤੇ ਸੰਗਤਾਂ ਦੀ ਵੱਧ ਰਹੀ ਗਿਣਤੀ ਨੂੰ ਧਿਆਨ ਵਿਚ ਰੱਖਦਿਆਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਨਾਂ 'ਤੇ ਸ਼ਾਨਦਾਰ ਨਵੀਂ ਅਤੇ ਆਧੁਨਿਕ ਰਿਹਾਇਸ਼ ਬਣਾਉਣ ਦਾ ਕੰਮ ਚੱਲ ਰਿਹਾ ਹੈ। ਇਸ ਮੌਕੇ ਪ੍ਰਬੰਧਕਾਂ ਨੇ ਗੁਰਦੁਆਰਾ ਮੁਲਾਜ਼ਮਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਬਾਰੇ ਵੀ ਚਰਚਾ ਕੀਤੀ ਅਤੇ ਸਿਕਲੀਗਰ ਭਾਈਚਾਰੇ ਦੀ ਤਰੱਕੀ ਲਈ ਉਨ੍ਹਾਂ ਕਿਹਾ ਕਿ ਸਿੱਖਿਆ 'ਤੇ ਵਿਸ਼ੇਸ਼ ਜ਼ੋਰ ਦੇਣ ਦੀ ਲੋੜ ਹੈ। ਇਸ ਵਿੱਚ ਗੁਰਦੁਆਰਾ ਸਾਹਿਬ ਵੱਲੋਂ ਕਰਵਾਏ ਜਾ ਰਹੇ ਸਮੂਹਿਕ ਵਿਆਹਾਂ ਵਰਗੇ ਅਨੇਕਾਂ ਲੋਕ ਭਲਾਈ ਅਤੇ ਸਮਾਜ ਭਲਾਈ ਦੇ ਕੰਮਾਂ ਬਾਰੇ ਸਾਂਝੀਆਂ ਕੀਤੀ ਗਈ।

# ਸਰਪੰਚ ਜੱਗਾ ਭੋਜੋਵਾਲੀ ਦੀ ਅਗਵਾਈ ਹੇਠ ਪਾਇਆ ਗਿਆ ਨਸ਼ਿਆ ਖਿਲਾਫ਼ ਮਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪੰਚਾਇਤ ਯੂਨੀਅਨ ਬਲਾਕ ਧੂਰੀ ਦੇ ਪ੍ਰਧਾਨ ਪਿੰਡ ਭੋਜੋਵਾਲੀ ਤੋਂ ਸਰਪੰਚ ਜਗਸੀਰ ਸਿੰਘ ਜੱਗਾ ਦੀ ਅਗਵਾਈ ਹੇਠ ਇੱਕ ਮੀਟਿੰਗ ਕੀਤੀ ਗਈ। ਜਿਸ ਵਿੱਚ ਪੰਚਾਇਤ ਵੱਲੋਂ ਮਤੇ ਪਾਸ ਕੀਤੇ ਗਏ ਕਿ ਇੱਕ ਜਿਹੜਾ ਵੀ ਵਿਅਕਤੀ ਮੈਡੀਕਲ ਦੀ ਦੁਕਾਨ ਕਰਦਾ ਹੈ ਉਸ ਉੱਪਰ ਸਗਨੈਚਰ ,ਪ੍ਰੈ ਗਾ , ਟਰਮਾਟੋਲ ਜਾਂ ਕੋਈ ਹੋਰ ਨਸ਼ੇ ਦੀਆਂ ਦਵਾਈਆਂ ਵੇਚੇਗਾ ਉਸ ਦਾ ਪਿੰਡ ਵਿੱਚ ਮੁਕੰਮਲ ਤੌਰ ਤੇ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਨੇ ਕਿਹਾ ਕਿ ਪਿੰਡ ਵਿੱਚ ਪਰਚੂਨ ਦੀਆਂ ਜਿੰਨੀਆਂ ਵੀ ਦੁਕਾਨਾਂ ਹਨ ਉਸ ਉੱਪਰ ਸਟਿੰਗ ਦੀ ਮੁਕੰਮਲ ਤੌਰ ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਜੋ ਵੀ ਦੁਕਾਨਦਾਰ ਸਟਿੰਗ ਵੇਚੇਗਾ ਉਸ ਉੱਪਰ ਪੰਚਾਇਤ ਵੱਲੋਂ ਕਨੂੰਨੀ ਕਾਰਵਾਈ ਕੀਤੀ ਜਾਵੇਗੀ । ਇਸ ਮੌਕੇ ਪੰਚਾਇਤ ਮੈਂਬਰ ਜਗਰੂਪ ਸਿੰਘ, ਪੰਚ ਨਿਰਭੈ ਸਿੰਘ, ਪੰਚ ਗਗਨਦੀਪ ਕੌਰ , ਪੰਚ ਵੀਰਪਾਲ ਕੌਰ, ਪੰਚ ਜਗਦੇਵ ਸਿੰਘ ਹਾਜ਼ਰ ਸਨ।

# 28 ਮਾਰਚ ਨੂੰ ਬਠਿੰਡਾ 'ਚ ਸੰਯੁਕਤ ਕਿਸਾਨ ਮੋਰਚਾ ਕਰੇਗਾ ਰੋਸ ਪ੍ਰਦਰਸ਼ਨ- ਜ਼ਿਲ੍ਹਾ ਪ੍ਰਧਾਨ ਡਕੌਂਦਾ

## ਸਰਕਾਰ ਕਿਰਤੀ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਅ ਨਹੀਂ ਸਕੇਗੀ- ਸੋਨੂੰ ਅਜ਼ਾਦ

**ਤਲਵੰਡੀ ਸਾਬੋ, 25 ਮਾਰਚ (ਗੁਰਜੰਟ ਸਿੰਘ ਨਥੇਹਾ)**-ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨ ਮੋਰਚਿਆਂ ਤੇ ਕਿਸਾਨ ਆਗੂਆਂ ਅਤੇ ਮੋਰਚੇ 'ਚ ਡਟੇ ਕਿਸਾਨਾਂ ਦੇ ਉਪਰ ਕੀਤੀ ਗਈ ਜਬਰ ਵਿਰੋਧੀ ਕਾਰਵਾਈ ਖਿਲਾਫ 28 ਮਾਰਚ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਿਲ੍ਹਾਂ ਕੇਂਦਰਾਂ ਉੱਪਰ ਜਬਰ ਵਿਰੋਧੀ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੀ ਜਾਣਕਾਰੀ ਪ੍ਰੈੱਸ ਨੂੰ ਰਾਜਮਹਿੰਦਰ ਸਿੰਘ ਕੋਟਭਾਰਾ ਜਿਲ੍ਹਾ ਪ੍ਰਧਾਨ ਬਠਿੰਡਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਅਤੇ ਸੋਨੂੰ ਅਜ਼ਾਦ ਲਹਿਰੀ ਪ੍ਰੈੱਸ ਸਕੱਤਰ ਜਿਲ੍ਹਾ ਬਠਿੰਡਾ ਨੇ ਦਿੱਤੀ ਉਹਨਾਂ ਆਖਿਆ ਕਿ ਸਰਕਾਰ ਵੱਲੋਂ ਮੀਟਿੰਗ ਉੱਪਰ ਸੱਦਕੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ, ਕਿਸਾਨਾਂ ਦੇ ਮੋਰਚਿਆਂ ਨੂੰ ਜਬਰੀ ਖਦੇੜਨ ਅਤੇ ਕਿਸਾਨ ਆਗੂਆਂ ਨੂੰ ਘਰਾਂ ਤੇ ਜੇਲਾਂ 'ਚ ਬੰਦ ਕਰਨ ਵਿਰੁੱਧ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦਾ ਉਹ 28 ਮਾਰਚ ਨੂੰ ਰੋਸ ਪ੍ਰਦਰਸ਼ਨ ਕਰਕੇ ਪ੍ਰਗਟਾਵਾ ਕਰਨਗੇ। ਆਗੂਆਂ ਨੇ ਆਖਿਆ ਕਿ ਸਰਕਾਰ ਕਿਰਤੀ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਅ ਨਹੀਂ ਸਕੇਗੀ। ਉਹਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਅਗਲੇ ਵੱਡੇ ਅੰਦੋਲਨ ਦੀ ਤਿਆਰੀ ਲਈ 28 ਮਾਰਚ ਨੂੰ ਵੱਡੀ ਗਿਣਤੀ ਵਿੱਚ ਰੋਸ ਪ੍ਰਦਰਸ਼ਨ ਕਰੇਗਾ।





# ਮਨੀਸ਼ ਸਿਸੋਦੀਆ ਪੰਜਾਬ ਮਾਮਲਿਆਂ ਦੇ ਇੰਚਾਰਜ ਅਤੇ ਸਤੇਂਦਰ ਜੈਨ ਨੂੰ ਸਹਿ ਇੰਚਾਰਜ ਬਣਨ ਨਾਲ ਪੰਜਾਬ ਦੇ ਵਿਕਾਸ ਕਾਰਜਾਂ 'ਚ ਆਵੇਗੀ ਤੇਜੀ ਬਸੰਤ ਕੁਮਾਰ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-'ਆਪ' ਆਗੂ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਪਾਰਟੀ ਦੇ ਪੰਜਾਬ ਮਾਮਲਿਆਂ ਦਾ ਇੰਚਾਰਜ ਅਤੇ ਸਤੇਂਦਰ ਜੈਨ ਨੂੰ ਸਹਿ ਇੰਚਾਰਜ ਬਣਨ ਤੇ ਮੁਬਾਰਕਵਾਦ ਦਿੱਤੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਬਸੰਤ ਕੁਮਾਰ ਕਾਂਝਲਾ ਨੇ ਕੀਤਾ। ਉਨ੍ਹਾਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਪੜ੍ਹੇ ਲਿਖੇ ਤਜਰਬੇਕਾਰ ,ਇਨਸਾਨੀਅਤ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਦੋਵੇਂ ਨੇਤਾਂ ਨੂੰ ਪੰਜਾਬ ਦੀ ਕਮਾਨ ਸੰਭਾਲੀ ਹੈ। ਉਨ੍ਹਾਂ ਕਿਹਾ ਕਿ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਦੇ ਪੰਜਾਬ ਵਿੱਚ ਆਉਣ ਨਾਲ ਪਾਰਟੀ ਵੱਡੇ ਪੱਧਰ ਤੇ ਮਜਬੂਤ ਹੋਵੇਗੀ । ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਤਿੰਨ ਸਾਲਾਂ ਵਿੱਚ ਪੰਜਾਬ ਵਿੱਚ ਉਹ ਕੰਮ ਕਰ ਕੇ ਦਿਖਾ ਦਿੱਤੇ ਹਨ ਜਿਨ੍ਹਾਂ ਨੂੰ ਪਿਛਲੀਆਂ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀ ਕਰ ਸਕੀਆਂ। ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਦੀ ਹਰ ਪਾਸੇ ਸਲਾਂਘਾ ਹੋ ਰਹੀ ਹੈ ਕਿਉਂਕਿ ਨਸੇ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਸੀ। ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਪੰਜਾਬ ਕਰਨ ਦਾ ਫੈਸਲਾ ਸਲਾਘਾਯੋਗ ਕਦਮ ਹੈ।

# ਕਾਲਜ ਵਿਦਿਆਰਥੀ ਚਾਰਟਰਡ ਅਕਾਊਂਟੈਂਟ ਦੀ ਪ੍ਰੀਖਿਆ ਵਿੱਚ ਸਫਲ




**ਧੂਰੀ ( ਰਣਜੀਤ ਸਿੰਘ ਪੇਧਨੀ)** : ਯੂਨੀਵਰਸਿਟੀ ਕਾਲਜ ਬੇਨੜਾ ਦੇ ਵਿਦਿਆਰਥੀ ਨਵੀਨ ਬਾਂਸਲ ਨੇ ਚਾਰਟਰਡ ਅਕਾਊਂਟੈਂਟ ਦੀ ਵਕਾਰੀ ਪ੍ਰੀਖਿਆ ਪਾਸ ਕਰਕੇ ਆਪਣੇ ਕਾਲਜ ਅਤੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ। ਇਹ ਜਾਣਕਾਰੀ ਕਾਮਰਸ ਵਿਭਾਗ ਦੇ ਕੋਆਰਡੀਨੇਟਰ ਡਾ. ਅਮਿਤਾ ਜੈਨ ਨੇ ਖ਼ੁਸ਼ੀ ਭਰੇ ਸ਼ਬਦਾਂ ਨਾਲ ਸਾਂਝੀ ਕੀਤੀ। ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਨੇ ਵਿਦਿਆਰਥੀ ਦੇ ਮਿਹਨਤ ਸਦਕਾ ਇਸ ਮੁਕਾਮ ਨੂੰ ਹਾਸਲ ਕਰਨ 'ਤੇ ਉਸ ਨੂੰ ਵਧਾਈ ਦਿੱਤੀ ਅਤੇ ਕਾਲਜ ਦੇ ਵਿਦਿਆਰਥੀਆਂ ਨੂੰ ਵੀ ਐੱਮ.ਕਾਮ ਦੇ ਵਿਦਿਆਰਥੀ ਨਵੀਨ ਬਾਂਸਲ ਦੀ ਤਰ੍ਹਾਂ ਮਿਹਨਤ ਕਰਕੇ ਕੁਝ ਬਣਨ ਲਈ ਆਪਣਾ ਉਦੇਸ਼ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਉਸ ਦੀ ਸਫ਼ਲਤਾ 'ਤੇ ਕਾਲਜ ਅਤੇ ਸ਼ਹਿਰ ਵਾਸੀਆਂ ਨੂੰ ਮਾਣ ਹੈ। ਨਵੀਨ ਬਾਂਸਲ ਨੇ ਕਾਲਜ ਅਧਿਆਪਕਾਂ ਤੋਂ ਮਿਲੇ ਸਹਿਯੋਗ ਦੀ ਵੀ ਭਰਪੂਰ ਸ਼ਲਾਘਾ ਕੀਤੀ।

### ਮਿਹਨਤ ਦਾ ਮੁੱਲ

# ਜਿੰਨਾ ਗੁੜ ਪਾਓਗੇ ਉਨਾ ਹੀ ਮਿੱਠਾ ਹੋਵੇਗਾ





**ਸਿਆਣਿਆਂ** ਦੀ ਕਹੀ ਇਹ ਗੱਲ ਬਿਲਕੁਲ ਸੱਚ ਹੈ ਕਿ 'ਜਿੰਨਾ ਗੁੜ ਪਾਓਗੇ ਉਨਾ ਹੀ ਮਿੱਠਾ ਹੋਵੇਗਾ'। ਮਿਹਨਤ ਦਾ ਬੀਜ਼ ਕਦੇ ਖਤਮ ਨਹੀਂ ਹੁੰਦਾ ਉਹ ਦੇਰ ਸਵੇਰ ਉੱਗ ਹੀ ਪੈਂਦਾ ਹੈ। ਜਿੰਨੀ ਤੁਸੀਂ ਮਿਹਨਤ ਕਰੋਗੇ ਉਤਨਾ ਫਲ ਮਿਲਣਾ ਹੀ ਮਿਲਣਾ ਹੈ। ਕਈ ਲੋਕ ਕੁਝ ਸਮਾਂ ਮਿਹਨਤ ਕਰਨ ਤੋਂ ਬਾਅਦ ਥੱਕ ਜਾਂਦੇ ਹਨ ਅਤੇ ਕੰਮ ਨੂੰ ਛੱਡ ਦਿੰਦੇ ਹਨ, ਅਜਿਹਾ ਕਰਨਾ ਗਲਤ ਹੈ। ਜੇਕਰ ਤੁਸੀਂ ਕੰਮ ਕਰਦੇ ਥੱਕ ਗਏ ਹੋ ਤਾਂ ਰੁਕ ਕੇ ਆਰਾਮ ਕਰਨਾ ਚਾਹੀਦਾ ਹੈ, ਕੰਮ ਨੂੰ ਛੱਡਣਾ ਨਹੀਂ ਚਾਹੀਦਾ।ਪ੍ਰਸਿੱਧ ਵਿਗਿਆਨੀ ਐਡੀਸਨ ਜਿਸ ਨੂੰ ਸ਼ੁਰੂ ਵਿੱਚ ਲੋਕ ਮੰਦਬੁੱਧੀ ਅਤੇ ਆਲਸੀ ਕਹਿੰਦੇ ਸਨ। ਜਦੋਂ ਉਸਨੇ ਬੱਲਬ ਦੀ ਖੋਜ ਕੀਤੀ ਤਾਂ ਉਸ ਨੂੰ ਲਗਭਗ ਇੱਕ ਹਜ਼ਾਰ ਵਾਰ ਅਸਫਲਤਾ ਮਿਲੀ। ਅਖੀਰ ਵਿਚ ਮਿਹਨਤ ਦੀ ਤਾਕਤ ਨਾਲ ਹੀ ਉਸਨੇ ਸਫਲਤਾ ਪ੍ਰਾਪਤ ਕੀਤੀ। ਇਸੇ ਤਰ੍ਹਾਂ ਦੀਆਂ ਉਹ ਸੈਂਕੜੇ ਖੋਜਾਂ ਕਰਕੇ ਦੁਨੀਆਂ ਦਾ ਇੱਕ ਮਹਾਨ ਖੋਜੀ ਬਣਿਆ। ਇਬਰਾਹਿਮ ਲਿੰਕਨ ਜੋ ਇੱਕ ਗਰੀਬ ਤਰਖਾਣ ਦਾ ਪੁੱਤਰ ਸੀ, ਸਖ਼ਤ ਮਿਹਨਤ ਕਰਕੇ ਅਮਰੀਕਾ ਦਾ ਰਾਸ਼ਟਰਪਤੀ ਬਣਿਆ, ਸਾਰੀ ਦੁਨੀਆਂ ਅੱਜ ਵੀ ਉਹਨਾਂ ਨੂੰ ਯਾਦ ਕਰਦੀ ਹੈ। ਮਿਹਨਤ ਇੱਕ ਅਜਿਹੀ ਚੀਜ਼ ਹੈ ਜੋ ਤੁਹਾਡੀ ਕਿਸਮਤ ਨੂੰ ਬਦਲਣ ਦੀ ਸਮਰੱਥਾ ਰੱਖਦੀ ਹੈ। ਕਮਜ਼ੋਰ ਮਾਨਸਿਕਤਾ ਵਾਲੇ ਲੋਕ ਆਪਣੀਆਂ ਨਾਕਾਮੀਆਂ ਛਪਾਉਣ ਲਈ ਕਿਸਮਤ ਦਾ ਸਹਾਰਾ ਲੈਂਦੇ ਹਨ ਜਦੋਂ ਕਿ ਮਿਹਨਤੀ ਲੋਕ ਨਕਾਮੀਆਂ ਤੋਂ ਸਿੱਖਿਆ ਲੈ ਕੇ ਸਫਲ ਹੋਣ ਲਈ ਵਾਰ-ਵਾਰ ਯਤਨ ਕਰਦੇ ਹਨ। ਜਿਨਾਂ ਲੋਕਾਂ ਨੇ ਤੁਹਾਡੀ ਮਿਹਨਤ ਦੇਖੀ ਹੁੰਦੀ ਹੈ, ਉਹ ਹੀ ਤੁਹਾਡੀ ਕਾਮਯਾਬੀ ਦੀ ਕੀਮਤ ਜਾਣਦੇ ਹਨ, ਬਾਕੀ ਤਾਂ ਤੁਹਾਡੀ ਸਫਲਤਾ ਨੂੰ, ਤੁਹਾਡੀ ਕਿਸਮਤ ਨਾਲ ਜੋੜ ਕੇ ਹੀ ਦੇਖਣਗੇ। ਮਿਹਨਤ ਭਾਵੇਂ ਤੁਸੀਂ ਖਾਮੋਸ਼ ਹੋ ਕੇ ਹੀ ਕਰਦੇ ਹੋ ਪਰ ਤੁਹਾਡੀ ਸਫਲਤਾ ਦੀ ਗੂੰਜ ਲੋਕਾਂ ਦੇ ਕੰਨਾਂ ਤੱਕ ਜਰੂਰ ਪਹੁੰਚੇਗੀ। ਮਿਹਨਤੀ ਵਿਅਕਤੀ ਪੈਸੇ ਦੀ ਕਦਰ, ਸਮੇਂ ਦੀ ਕਦਰ, ਮਿਹਨਤੀ ਲੋਕਾਂ ਦੀ ਕਦਰ ਅਤੇ ਵਾਅਦੇ ਨਿਭਾਉਣਾ ਸਿੱਖ ਜਾਂਦੇ ਹਨ। ਅਜਿਹੇ ਆਦਮੀ ਸਮਾਜ ਵਿੱਚ ਸਤਿਕਾਰ ਦੇ ਪਾਤਰ ਬਣ ਜਾਂਦੇ ਹਨ। ਇਸ ਕਰਕੇ ਸਾਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ ਜਿਵੇਂ ਕਿਸੇ ਸ਼ਾਇਰ ਨੇ ਕਿਹਾ ਹੈ "ਮਿਹਨਤ ਕਰ ਜੇ ਰਸਤੇ ਵਿੱਚ ਕਠਿਨਾਈਆਂ ਨੇ, ਹੰਝੂਆਂ ਨੇ ਕਦ ਤਕਦੀਰਾਂ ਪਲਟਾਈਆਂ ਨੇ, ਠੋਕਰ ਨੂੰ ਠੋਕਰ ਜਿੰਨ੍ਹਾ ਨੇ ਮਾਰੀ ਏ ਠੋਕਰਾਂ ਰਾਸ ਉਨ੍ਹਾਂ ਦੇ ਆਈਆਂ ਨੇ। ਸੋ ਇਨਸਾਨ ਨੂੰ ਹਮੇਸ਼ਾ ਚਲਦੇ ਰਹਿਣਾ ਚਾਹੀਦਾ ਹੈ, ਮਿਹਨਤ ਕਰਦੇ ਰਹਿਣਾ ਚਾਹੀਦਾ ਹੈ, ਕਿਸੇ ਕਵੀ ਨੇ ਬੜਾ ਸੋਹਣਾ ਲਿਖਿਆ ਹੈ ਕਿ "ਚਲਦਾ ਰਹੇ ਮੁਸਾਫ਼ਿਰ ਮੰਜ਼ਿਲ ਪਾ ਲੈਂਦੈ। ਰੁਕ ਜਾਏ ਤਾਂ ਆਪਣਾ ਆਪ ਗੁਆ ਲੈਂਦੈ।"

**-ਗੁਰਜੰਟ ਸਿੰਘ 'ਭਾਗੀਵਾਂਦਰ'**
**ਡੀ.ਪੀ.ਈ ਮਾਸਟਰ, ਸਰਕਾਰੀ ਹਾਈ ਸਕੂਲ, ਚੱਠੇਵਾਲਾ (ਬਠਿੰਡਾ)**

ਆਵਾਜ਼ਿ ਕੌਮ AWAZE QAUM International Newspaper & WEB TV

### ਸਿਆਸੀ ਪੈਂਤੜੇਬਾਜੀ: ਪੰਜਾਬ 'ਚ ਜੇਡੀਯੂ 2027 'ਚ ਚੋਣਾਂ ਲੜਨ ਬਾਰੇ ਕੇਂਦਰੀ ਕਮੇਟੀ ਨੇ ਦਿੱਤੀ ਸਹਿਮਤੀ !

# ਬੈਨੀਪਾਲ ਅਤੇ ਸੰਜੇ ਕੁਮਾਰ ਨੇ ਕੀਤੀ ਸੂਬੇ ਦੇ ਹਿੱਤਾਂ ਦੀ ਵਕਾਲਤ



ਚੌਕ ਮਹਿਤਾ 25 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)ਪਾਰਟੀ ਦਾ ਦੇਸ਼ ਭਰ 'ਚ ਵਿਸਥਾਰ ਕਰਨ ਦੇ ਮੁੱਦੇ ਨੂੰ ਲੈਕੇ ਵਿਚਾਰ ਚਰਚਾ ਕਰਨ ਲਈ ਜਨਤਾ ਦਲ (ਯੂ) ਦੇ ਚੋਟੀ ਦੇ ਲੀਡਰਾਂ ਦੀ ਵਿਸੇਸ਼ ਇਕੱਤਰਤਾ ਹੋਈ। ਜਨਤਾ ਦਲ (ਯੂ) ਦੀ ਹੋਈ ਕੇਂਦਰੀ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਹੋਇਆਂ ਜਨਤਾ ਦਲ (ਯੂ) ਪਾਰਟੀ ਦੇ ਕੌਮੀਂ ਪ੍ਰਧਾਨ ਅਤੇ ਮੁੱਖ ਮੰਤਰੀ ਬਿਹਾਰ ਸ੍ਰੀ ਨਤੀਸ਼ ਕੁਮਾਰ ਦੇਸ਼ ਭਰ 'ਚ ਪਾਰਟੀ ਦਾ ਵਿਸਥਾਰ ਕਰਨ ਲਈ ਭਾਰਤ ਦੇ ਸਮੂਹ ਰਾਜਾਂ ਵੱਲ ਰੁਖ ਕਰਨ ਦਾ ਫੈਂਸਲਾ ਲਿਆ ਹੈ। ਕੌਮੀਂ ਜਮਹੂਰੀ ਗਠਜੋੜ ਦੇ ਜੇਡੀਯੂ ਵੱਲੋਂ ਦੇਸ਼ ਵਿਆਪੀ ਵਿਸਥਾਰ ਕਰਨ ਲਈ ਪ੍ਰਸਤਾਵ ਪਾਸ ਕਰਦਿਆਂ ਹਰ ਸੂਬੇ 'ਚ ਪਾਰਟੀ ਨੂੰ ਮਜਬੂਤ ਆਧਾਰ ਦੇਣ ਲਈ ਕੇਂਦਰੀ ਟੀਮ 'ਚ ਸ਼ਾਮਲ ਕੱਦਵਾਰ ਲੀਡਰਾਂ ਨੂੰ ਜ਼ਿਮਾਂ ਦਿੱਤਾ ਗਿਆ ਹੈ। ਪੰਜਾਬ ਸੂਬੇ ਬਾਰੇ ਇਸ ਕੇਂਦਰੀ ਮੀਟਿੰਗ 'ਚ ਰੱਖੇ ਗਏ ਏਜੰਡੇ ਤੇ ਪੰਜਾਬ ਤਰਫੋਂ ਜੇਡੀਯੂ ਦੇ ਪ੍ਰਧਾਨ ਸ੍ਰ ਮਾਲਵਿੰਦਰ ਸਿੰਘ ਬੈਨੀਪਾਲ ਨੇ ਪੱਖ ਰੱਖਦਿਆਂ ਸ਼੍ਰੀ ਨਤੀਸ਼ ਕੁਮਾਰ ਨੂੰ ਭਰੋਸਾ ਦਿੱਤਾ ਹੈ ਕਿ ਜੇਕਰ ਜੇਡੀਯੂ ਦੇ ਕੌਮੀਂ ਪ੍ਰਧਾਨ ਸ਼੍ਰੀ ਨਤੀਸ਼ ਕੁਮਾਰ ਪੰਜਾਬ ਦੇ ਹਿੱਤਾਂ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਤੇ ਖਰੇ ਉਤਰਨ ਲਈ ਪੰਜਾਬ ਯੂਨਿਟ ਨੂੰ ਸਮਰੱਥਾਵਾਨ ਬਣਾਉਂਦੇ ਹਨ ਤਾਂ ਫਿਰ ਪੰਜਾਬ 'ਚ 2027 'ਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ 'ਚ ਜੇਡੀਯੂ ਚੰਗੇਂ ਨਤੀਜੇ ਦੇਣ ਲਈ ਹੋਮਵ੍ਰਕ ਕਰ ਸਕਦੀ ਹੈ।ਉਨ੍ਹਾ ਨੇ ਕਿਹਾ ਕਿ ਕੇਂਦਰੀ ਵਜ਼ਾਰਤ ਦੀਆਂ ਸ਼ਕਤੀਆਂ ਦਾ ਵਿਕੇਂਦਰੀਕਰਨ ਪੰਜਾਬ 'ਚ ਜਿਥੇਂ ਕੌਮੀਂ ਯੋਜਨਾਂਵਾਂ ਨੂੰ ਪਾਰਦਰਸ਼ੀ ਢੰਗ ਨਾਲ ਸਫਲਤਾ ਵੱਲ ਖੜੇਗਾ ਉਥੇ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਦੀ ਰਾਖੀ ਲਈ ਜੇਡੀਯੂ ਦੀ ਸੂਬਾਈ ਟੀਮ ਵਕੀਲ ਬਣ ਕੇ ਨਤੀਜਾ ਦਿਓ ਭੂਮਿਕਾ ਨਿਭਾਅ ਸਕਦੀ ਹੈ।ਜੇਡੀਯੂ ਦੇ ਰਾਸ਼ਟਰੀ ਸਕੱਤਰ ਅਤੇ ਪੰਜਾਬ ਦੇ ਰਾਜਨੀਤਕ ਮਾਮਲਿਆਂ ਦੇ ਇੰਚਾਰਜ ਸ਼੍ਰੀ ਸੰਜੇ ਕੁਮਾਰ ਨੇ ਮੀਟਿੰਗ 'ਚ ਸ਼੍ਰੀ ਨਤੀਸ਼ ਕੁਮਾਰ ਦੇ ਸਾਹਮਣੇ ਪੰਜਾਬ ਦਾ ਪੱਖ ਠੋਸ ਢੰਗ ਨਾਲ ਰੱਖਦਿਆਂ ਕਿਹਾ ਕਿ ਕੇਂਦਰੀ ਵਜ਼ਾਰਤ 'ਚ ਪੰਜਾਬ ਚੋਂ ਜੇਡੀਯੂ ਦੇ ਲੀਡਰਾਂ ਨੂੰ ਸੰਭਾਵਿਕ ਤੌਰ ਤੇ ਦਿੱਤੀ ਜਾਣ ਵਾਲੀ ਨੁਮਾਈਂਦਗੀ ਦੇ ਪ੍ਰਭਾਵ ਨਾਲ ਪੰਜਾਬ 'ਚ ਠੋਸ ਇਰਾਦੇ ਨਾਲ ਪੰਜਾਬ ਦੇ ਲੋਕਾਂ ਲਈ ਕੁਝ ਕੀਤਾ ਜਾ ਸਕਦਾ ਹੈ। ਰਾਜਨੀਤਕ ਦ੍ਰਿਸ਼ਟੀ ਤੋਂ ਕੇਂਦਰੀਂ ਕਮੇਟੀ ਨੇ ਇਸ ਗੱਲ ਤੇ ਵੀ ਸਹਿਮਤੀ ਬਣਾਈ ਹੈ ਕਿ ਸਿੱਖ ਲੀਡਰਸ਼ਿਪ ਨੂੰ ਪੰਜਾਬ 'ਚ ਰਾਜਨੀਤਕ ਤੌਰ ਤੇ ਤਰਜ਼ੀਹ ਦਿੰਦਿਆਂ ਹੋਇਆਂ ਪੰਜਾਬ ਦੇ ਪੈਂਡਿੰਗ ਮਾਮਲਿਆਂ ਦੇ ਸਾਰਥਕ ਹੱਲ ਲਈ ਕੇਂਦਰ ਦੇ ਦਖਲ਼ ਦੀ ਸੰਭਾਵਨਾ ਪੈਦਾ ਕੀਤੀ ਜਾਵੇ ਤਾਂ ਕਿ ਪੰਜਾਬ ਨੂੰ ਮੁੜ ਪੈਰਾਂ ਸਿਰ ਕਰਨ ਲਈ ਜੇਡੀਯੂ ਵਾਸਤਵ ਵਿੱਚ ਕੁਝ ਕਰ ਸਕੇ।ਮੀਟਿੰਗ ਉਪਰੰਤ ਪੰਜਾਬ 'ਚ ਜੇਡੀਯੂ ਵੱਲੋਂ ਰਾਜਸੀ ਮਾਮਲਿਆਂ ਦੇ ਇੰਚਾਰਜ ਸ੍ਰੀ ਸੰਜੇ ਕੁਮਾਰ ਨੇ ਪ੍ਰੈਸ ਨੂੰ ਦੱਸਿਆ ਕਿ ਪੰਜਾਬ ਸਮੇਤ ਹੋਰਨਾ ਰਾਂਜਾਂ 'ਚ ਪਾਰਟੀ ਨੂੰ ਮਜਬੂਤ ਕਰਨ ਲਈ ਵਿਚਾਰਾਂ ਹੋਈਆਂ ਹਨ ਉਨ੍ਹਾ ਨੇ ਦੱਸਿਆ ਕਿ ਪੰਜਾਬ 'ਚ ਜਨਤਾ ਦਲ ਯੂ ਦੀ ਲੀਡਰਸ਼ਿਪ ਨੂੰ ਮਜਬੂਤ ਆਧਾਰ ਦੇਣ ਲਈ ਵੀ ਨਿਰਣੇ ਲਏ ਗਏ ਹਨ। ਉਹਨਾ ਨੇ ਕਿਹਾ ਕਿ ਜੇਡੀਯੂ ਪੰਜਾਬ 'ਚ 2027 ਦੀਆਂ ਚੋਣਾਂ ਲੜਨ ਬਾਰੇ ਮੁੱਖ ਮੰਤਰੀ ਬਿਹਾਰ ਸਹਿਮਤ ਹੋ ਗਏ ਹਨ।

**☛ ਜੇਡੀਯੂ ਦੇ ਪੰਜਾਬ ਪ੍ਰਧਾਨ ਬੈਨੀਪਾਲ ਨੇ ਨਤੀਸ਼ ਕੁਮਾਰ ਨਾਲ ਕੀਤੀ ਮੁਲਾਕਾਤ ☛ ਪੰਜਾਬ ਮਾਮਲਿਆਂ ਦੇ ਇੰਚਾਰਜ਼ ਸੰਜੇ ਸਿੰਘ ਨੇ ਮਜਬੂਤੀ ਨਾਲ ਰੱਖਿਆ ਪੰਜਾਬ ਦਾ ਪੱਖ**

ਆਵਾਜ਼ਿ ਕੌਮ AWAZE QAUM International Newspaper & WEB TV

# ਉਦਾਸੀਨ ਆਸ਼ਰਮ ਡੇਰਾ ਜੌੜਿਆਂ ਵਾਲਾ ਪਿੰਡ ਫੇਰੂਮਾਨ ਸੰਤ ਸਮਾਗਮ 2 ਅਪ੍ਰੈਲ ਨੂੰ



**ਚੌਕ ਮਹਿਤਾ, 25 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਉਦਾਸੀਨ ਆਸ਼ਰਮ ਡੇਰਾ ਜੌੜਿਆਂ ਵਾਲਾ ਪਿੰਡ ਫੇਰੂਮਾਨ ਦੇ ਮੁੱਖੀ ਸ੍ਰੀ ਮਾਨ ਮਹੰਤ ਵਰਿੰਦਰ ਮੁੱਨੀ ਜੀ ਦੀ ਅਗਵਾਈ ਹੇਠ ਮਹਾਨ ਸੰਤ ਸਮਾਗਮ 2 ਅਪ੍ਰੈਲ 2025 ਮੁਤਾਬਿਕ 2 ਚੇਤ ਦਿਨ ਬੁੱਧਵਾਰ ਨੂੰ ਧੰਨ ਧੰਨ ਬਾਬਾ ਸੁੰਦਰ ਦਾਸ ਜੀ, ਬਾਬਾ ਨਰਾਇਣ ਪਰਕਾਸ਼, ਸੁਆਮੀ ਮੋਹਨ ਮੁੱਨੀ ਜੀ ਮਹੰਤ ਈਸਵਰਨੰਦ ਜੀ ਦੀਆਂ ਸਾਲਾਨਾ ਬਰਸੀ ਤੱਪ ਅਸਥਾਨ ਉਦਾਸੀਨ ਆਸ਼ਰਮ ਡੇਰਾ ਜੌੜਿਆਂ ਵਾਲਾ ਵਿੱਖੇ ਬੜੀ ਸਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਜਿਸ ਵਿੱਚ ਨਾਮ ਦੇ ਰਸੀਏ ਮਹਾਪੁਰਸ਼ ਦਰਸਨ ਦੇਣ ਗੇ। 2ਅਪਰੈਲ ਸਵੇਰੇ 10 ਵਜੇ ਤੋਂ ਸਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਕਵੀਸ਼ਰੀ, ਢਾਡੀ ਪ੍ਰਚਾਰਕ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ। ਪਵਿੱਤਰ ਪਾਵਨ ਗੁਰਬਾਣੀ ਦੀ ਸ੍ਰੀ ਆਖੰਡ ਪਾਠ ਸਾਹਿਬ ਸ਼ਨੀਵਾਰ 29 ਮਾਰਚ 2025ਭੋਗ ਸ੍ਰੀ ਆਖੰਡ ਪਾਠ ਸਾਹਿਬ 31 ਮਾਰਚ 2025 ਅਤੇ ਆਰੰਭ ਸ੍ਰੀ ਆਖੰਡ ਪਾਠ ਸਾਹਿਬ 31 ਮਾਰਚ 2025 ਭੋਗ ਸ੍ਰੀ ਆਖੰਡ ਪਾਠ ਸਾਹਿਬ ਬੁੱਧਵਾਰ 2 ਅਪ੍ਰੈਲ 2025 ਨੂੰ ਪੈਣਗੇ ਉਪਰੰਤ ਸਾਰੀ ਦਿਹਾੜੀ ਦੀਵਾਨ ਸਜਾਏ ਜਾਣਗੇ ਇਸ ਮੌਕੇ ਤੇ ਸ੍ਰੀ ਮਾਨ ਮਹੰਤ ਵਰਿੰਦਰ ਮੁੱਨੀ ਜੀ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਹਾਜਰੀਆ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਸਾਹਿਬ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 25 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਸੈਸ਼ਨ 2024-25 ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਰਹੇ ਵਿਦਿਆਰਥੀਆਂ ਨੂੰ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਇਨਾਮ ਵੰਡੇ ਗਏ ਅਤੇ ਭਵਿੱਖ ਵਿੱਚ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਕਰਨ ਲਈ ਅਸੀਸ ਬਖਸ਼ੀ ਗਈ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਜਿਸ ਦਾ ਸਿਹਰਾ ਸਾਡੇ ਮਿਹਨਤੀ ਅਧਿਆਪਕਾਂ ਦੇ ਸਿਰ ਜਾਂਦਾ ਹੈ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਵੱਲੋਂ ਆਏ ਹੋਏ ਬੱਚਿਆਂ ਦੇ ਮਾਪਿਆਂ ਨੂੰ ਅਤੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਕਮੇਟੀ ਮੈਂਬਰ ਗੁਰਦੇਵ ਸਿੰਘ ਯੂ..ਐਸ.ਏ, ਸੁਖਵਿੰਦਰ ਸਿੰਘ, ਬਚਿੱਤਰ ਸਿੰਘ ਮੱਤੇਵਾਲ, ਬਾਬਾ ਜੱਸਾ ਸਿੰਘ ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਭੋਏ, ਬਾਬਾ ਰਾਜਾ, ਬਾਬਾ ਸੁੱਖਾ ਸਿੰਘ, ਬਚਿੱਤਰ ਸਿੰਘ ਮੱਤੇਵਾਲ , ਜਸਵਿੰਦਰ ਸਿੰਘ, ਵੀਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਦਸਤਾਰ ਚੇਤਨਾ ਮਾਰਚ ਦਾ ਕੀਤਾ ਪੋਸਟਰ ਰਿਲੀਜ਼




**ਤਲਵੰਡੀ ਸਾਬੋ, 24 ਮਾਰਚ (ਗੁਰਜੰਟ ਸਿੰਘ ਨਥੇਹਾ)**-ਖਾਲਸਾ ਪੰਥ ਦੇ ਕੌਮੀ ਪੁਰਬ ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਦਸਤਾਰ ਚੇਤਨਾ ਮਾਰਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਇਲਾਕੇ ਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਮਿਤੀ 30 ਮਾਰਚ 2025 ਦਿਨ ਐਤਵਾਰ ਨੂੰ ਗੁਰਦੁਆਰਾ ਸ੍ਰੀ ਜੰਡਸਰ ਸਾਹਿਬ ਤੋਂ ਆਰੰਭ ਹੋ ਕੇ ਕੇ ਵੱਖ-ਵੱਖ ਪਿੰਡਾ ਵਿਚੋਂ ਹੁੰਦਾ ਹੋਇਆ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਮਾਪਤ ਹੋਵੇਗਾ। ਇਸ ਸਬੰਧੀ ਦਸਤਾਰ ਚੇਤਨਾ ਮਾਰਚ ਦਾ ਪੋਸਟਰ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਅਤੇ ਡਾ. ਗੁਰਜੀਤ ਸਿੰਘ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਗੁਰਦੇਵ ਸਿੰਘ ਮੀਤ ਮੈਨੇਜਰ, ਪਰਮਿੰਦਰ ਸਿੰਘ ਖੇਤਰ ਪ੍ਰਧਾਨ ਆਦਿ ਹਾਜ਼ਰ ਸਨ। ਡਾ. ਗੁਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਦਸਤਾਰ ਮਾਰਚ ਵੱਖ-ਵੱਖ ਪਿੰਡਾਂ ਵਿਚ ਹੁੰਦਾ ਹੋਇਆ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਆ ਕੇ ਸਮਾਪਤ ਹੋਵੇਗਾ। ਇਸ ਦਸਤਾਰ ਚੇਤਨਾ ਮਾਰਚ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਾਬਤ ਸੂਰਤ ਵੀਰਾ ਦਾ ਬਹੁਤ ਵੱਡਾ ਕਾਫਲਾ ਮੋਟਰਸਾਈਕਲਾਂ ਉੱਪਰ ਕੇਸਰੀ, ਨੀਲੀਆਂ ਕਾਲੀਆਂ, ਪੀਲੀਆਂ ਦਸਤਾਰਾਂ ਸਜਾ ਕੇ ਦਸਤਾਰ ਦੀ ਮਹਾਨਤਾ ਦੀ ਬਾਤ ਪਾਉਂਦਾ ਹੋਇਆ ਅਤੇ ਨਸ਼ਿਆਂ ਤੋਂ ਬਚਣ ਦੀ ਪ੍ਰੇਰਣਾ ਕਰਦਿਆਂ ਤੰਦਰੁਸਤ ਸਮਾਜ ਦੀ ਸਿਰਜਣਾ ਦੇ ਆਸ਼ੇ ਨਾਲ ਸਮਾਪਤ ਹੋਵੇਗਾ। ਪਰਮਿੰਦਰ ਸਿੰਘ ਕੋਆਰਡੀਨੇਟਰ ਦਸਤਾਰ ਮਾਰਚ ਨੇ ਆਖਿਆ ਕਿ ਸਾਨੂੰ ਵੱਧ ਤੋਂ ਵੱਧ ਗਿਣਤੀ ਵਿਚ ਸ਼ਾਮਲ ਹੋਣਾ ਚਾਹੀਦਾ ਹੈ ਤਾਂ ਜੋ ਅਸੀਂ ਆਪਣੇ ਨੌਜਵਾਨਾਂ ਅੰਦਰ ਦਸਤਾਰ ਦੀ ਚੇਤਨਤਾ ਪੈਦਾ ਕਰ ਸਕੀਏ ਅਤੇ ਨਸ਼ਿਆਂ ਤੋਂ ਮੁਕਤ ਪੰਜਾਬ ਦੀ ਸਿਰਜਣਾ ਹਿੱਤ ਯੋਗਦਾਨ ਪਾ ਸਕੀਏ। ਇਸ ਮੌਕੇ ਗੱਤਕਾ ਟੀਮਾਂ ਆਪਣੇ ਜੌਹਰ ਦਿਖਾਉਣਗੀਆਂ ਅਤੇ ਵੱਖ-ਵੱਖ ਪਿੰਡਾਂ ਵਿਚ ਲੰਗਰਾਂ ਅਤੇ ਚਾਹ ਪਾਣੀ ਦਾ ਪ੍ਰਬੰਧ ਕੀਤਾ ਜਾਵੇਗਾ। ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਸਦਕਾ ਭੇਟਾ ਰਹਿਤ ਗੁਰਮਤਿ ਸਾਹਿਤ ਵੱਡੀ ਗਿਣਤੀ ਵਿਚ ਵੰਡਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV


## ਨਿਊਯਾਰਕ ਸਟੇਟ ਸੈਨੇਟ ਵਿੱਚ

# 1984 ਸਿੱਖ ਨਸਲਕੁਸ਼ੀ ਸਬੰਧੀ ਮਤਾ ਪਾਸ










**ਨਿਊਯਾਰਕ/ਨਵੀਂ ਦਿੱਲੀ 25 ਮਾਰਚ (ਮਨਪ੍ਰੀਤ ਸਿੰਘ ਖਾਲਸਾ/ਸਰਬਜੀਤ ਸਿੰਘ ਬਨੂੜ)**:- ਨਿਊਯਾਰਕ ਸਟੇਟ ਸੈਨੇਟ ਵਿੱਚ 1984 ਸਿੱਖ ਨਸਲਕੁਸ਼ੀ ਸਬੰਧੀ ਮਤਾ ਪਾਸ ਕੀਤਾ ਗਿਆ।ਅਮਰੀਕਨ ਪੌਲਿਟਿਕਸ ਵਿੱਚ ਸਰਗਰਮ ਨੌਜਵਾਨ ਸਿੱਖ ਆਗੂ ਜਪਨੀਤ ਸਿੰਘ ਦੀ ਸਖ਼ਤ ਮਿਹਨਤ ਅਤੇ ਸਟੇਟ ਸੈਨੇਟਰ ਜੈਸਿਕਾ ਰੇਮੋਸ ਅਤੇ ਹੋਰਨਾਂ ਦੇ ਯਤਨਾਂ ਸਦਕਾ ਸਿੱਖ ਕੌਮ ਦੀ ਨਸਲਕੁਸ਼ੀ ਸਬੰਧੀ ਬਿੱਲ (ਸੈਨੇਟ ਮਤਾ ਨੰਬਰ 569) ਪਾਸ ਹੋਣ ਦਾ ਇਹ ਕਾਰਜ ਪੂਰਾ ਹੋਇਆ। ਪਾਸ ਕੀਤੇ ਗਏ ਮੱਤੇ ਅੰਦਰ ਲਿਖਿਆ ਗਿਆ ਕਿ ਸਿੱਖ ਭਾਈਚਾਰੇ ਦੇ ਯੋਗਦਾਨ ਨੂੰ ਮਾਨਤਾ ਦੇਣਾ ਅਤੇ 1984 ਦੇ ਸਿੱਖ ਕਤਲੇਆਮ ਦੀ ਯਾਦ ਵਿੱਚ ਸਿੱਖ ਧਰਮ, ਜੋ ਕਿ ਦੱਖਣੀ ਏਸ਼ੀਆ ਦੇ ਪੰਜਾਬ ਖੇਤਰ ਵਿੱਚ ਪੈਦਾ ਹੋਇਆ ਹੈ, ਦੁਨੀਆ ਦਾ ਪੰਜਵਾਂ ਸਭ ਤੋਂ ਵੱਡਾ ਧਰਮ ਹੈ ਜਿਸਦੇ 25,000,000 ਤੋਂ ਵੱਧ ਅਨੁਯਾਈ ਹਨ । ਸਿੱਖ ਧਰਮ, ਜੋ ਕਿ 15ਵੀਂ ਸਦੀ ਵਿੱਚ ਦੱਖਣੀ ਏਸ਼ੀਆ ਦੇ ਪੰਜਾਬ ਖੇਤਰ ਵਿੱਚ ਸਥਾਪਿਤ ਕੀਤਾ ਗਿਆ ਸੀ, ਸਮਾਨਤਾ, ਨਿਆਂ, ਨਿਰਸਵਾਰਥ ਸੇਵਾ ਅਤੇ ਪਰਮਾਤਮਾ ਪ੍ਰਤੀ ਸ਼ਰਧਾ 'ਤੇ ਜ਼ੋਰ ਦੇਣ ਵਾਲਾ ਧਰਮ ਹੈ । ਸਿੱਖ ਭਾਈਚਾਰੇ ਨੇ ਲੰਬੇ ਸਮੇਂ ਤੋਂ ਇਨ੍ਹਾਂ ਸਿਧਾਂਤਾਂ ਨੂੰ ਕਾਇਮ ਰੱਖਿਆ ਹੈ ਅਤੇ ਨਿਊਯਾਰਕ ਰਾਜ ਸਮੇਤ ਦੁਨੀਆ ਭਰ ਦੇ ਸਮਾਜਾਂ ਵਿੱਚ ਅਨਮੋਲ ਯੋਗਦਾਨ ਪਾਇਆ ਹੈ, ਜਿੱਥੇ ਸਿੱਖਾਂ ਨੇ ਰਾਜ ਦੇ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਤਾਣੇ-ਬਾਣੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸੰਯੁਕਤ ਰਾਜ ਅਮਰੀਕਾ ਵਿੱਚ 500,000 ਤੋਂ ਵੱਧ ਵਿਅਕਤੀ ਸਿੱਖ ਧਰਮ ਦਾ ਪਾਲਣ ਕਰਦੇ ਹਨ, ਅਤੇ ਸਿੱਖ 120 ਸਾਲਾਂ ਤੋਂ ਵੱਧ ਸਮੇਂ ਤੋਂ ਅਮਰੀਕੀ ਤਾਣੇ-ਬਾਣੇ ਦਾ ਹਿੱਸਾ ਰਹੇ ਹਨ, ਸ਼ੁਰੂ ਵਿੱਚ ਖੇਤਾਂ, ਲੱਕੜ ਦੀਆਂ ਮਿੱਲਾਂ, ਖਾਣਾਂ ਅਤੇ ਪੱਛਮੀ ਪ੍ਰਸ਼ਾਂਤ ਰੇਲਮਾਰਗ 'ਤੇ ਕੰਮ ਕਰਨ ਲਈ ਆਉਂਦੇ ਹਨ, ਅਤੇ ਬਾਅਦ ਵਿੱਚ ਹਰੇਕ ਰਾਜ ਅਤੇ ਖੇਤਰ ਵਿੱਚ ਵਸਦੇ ਹਨ, ਕਲਾ, ਸੰਗੀਤ, ਟਰੱਕਿੰਗ, ਖੇਤੀਬਾੜੀ, ਸੂਚਨਾ ਤਕਨਾਲੋਜੀ, ਕਾਨੂੰਨ, ਦਵਾਈ, ਅਤੇ ਹੋਰ ਬਹੁਤ ਸਾਰੇ ਖੇਤਰਾਂ ਵਿੱਚ ਦੇਸ਼ ਦੇ ਸਮਾਜਿਕ, ਸੱਭਿਆਚਾਰਕ ਅਤੇ ਆਰਥਿਕ ਦ੍ਰਿਸ਼ਟੀਕੋਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ । ਸਿੱਖਾਂ ਨੂੰ ਇਤਿਹਾਸਕ ਬੇਇਨਸਾਫ਼ੀਆਂ ਦਾ ਸਾਹਮਣਾ ਕਰਨਾ ਪਿਆ ਹੈ, ਖਾਸ ਤੌਰ 'ਤੇ 1984 ਵਿੱਚ ਜਦੋਂ ਹਜ਼ਾਰਾਂ ਸਿੱਖ ਮਰਦਾਂ, ਔਰਤਾਂ ਅਤੇ ਬੱਚਿਆਂ 'ਤੇ ਹਮਲਾ ਕੀਤਾ ਗਿਆ ਸੀ ਅਤੇ ਭਾਰਤ ਭਰ ਵਿੱਚ ਹਿੰਸਾ ਦੀਆਂ ਤਾਲਮੇਲ ਵਾਲੀਆਂ ਕਾਰਵਾਈਆਂ ਵਿੱਚ ਮਾਰੇ ਗਏ ਸਨ, ਜਿਸ ਵਿੱਚ ਰਾਜਧਾਨੀ ਦਿੱਲੀ, ਝਾਰਖੰਡ, ਮੱਧ ਪ੍ਰਦੇਸ਼, ਹਰਿਆਣਾ, ਉਤਰਾਖੰਡ, ਬਿਹਾਰ, ਉੱਤਰ ਪ੍ਰਦੇਸ਼, ਪੱਛਮੀ ਬੰਗਾਲ, ਹਿਮਾਚਲ ਪ੍ਰਦੇਸ਼, ਰਾਜਸਥਾਨ, ਓਡੀਸ਼ਾ, ਛੱਤੀਸਗੜ੍ਹ, ਤ੍ਰਿਪੁਰਾ, ਤਾਮਿਲਨਾਡੂ, ਗੁਜਰਾਤ, ਆਂਧਰਾ ਪ੍ਰਦੇਸ਼, ਕੇਰਲਾ, ਅਤੇ ਮਹਾਰਾਸ਼ਟਰ, ਅਤੇ ਭਾਰਤ-ਪ੍ਰਸ਼ਾਸਿਤ ਜੰਮੂ-ਕਸ਼ਮੀਰ ਸ਼ਾਮਲ ਹਨ । ਇਸ ਨਿਸ਼ਾਨਾਬੱਧ ਅਤੇ ਯੋਜਨਾਬੱਧ ਹਿੰਸਾ ਨੂੰ ਦੁਨੀਆ ਭਰ ਦੇ ਕੁਝ ਮਨੁੱਖੀ ਅਧਿਕਾਰ ਸੰਗਠਨਾਂ, ਇਤਿਹਾਸਕਾਰਾਂ ਅਤੇ ਸਰਕਾਰਾਂ ਨੇ ਸਿੱਖ ਲੋਕਾਂ ਵਿਰੁੱਧ ਨਸਲਕੁਸ਼ੀ ਵਜੋਂ ਮਾਨਤਾ ਦਿੱਤੀ ਹੈ, ਕਿਉਂਕਿ ਇਹ ਸਮੂਹਿਕ ਕਤਲੇਆਮ, ਜ਼ਬਰਦਸਤੀ ਵਿਸਥਾਪਨ ਅਤੇ ਸਿੱਖ ਸੰਸਥਾਵਾਂ ਦੇ ਵਿਨਾਸ਼ ਰਾਹੀਂ ਇੱਕ ਧਾਰਮਿਕ ਅਤੇ ਨਸਲੀ ਭਾਈਚਾਰੇ ਨੂੰ ਤਬਾਹ ਕਰਨ ਦੀ ਕੋਸ਼ਿਸ਼ ਕਰ ਰਹੀ ਸੀ । ਸਿੱਖ ਭਾਈਚਾਰੇ ਨੇ ਮੁਸੀਬਤਾਂ ਦੇ ਸਾਮ੍ਹਣੇ ਲਚਕੀਲਾਪਣ ਅਤੇ ਤਾਕਤ ਦਾ ਪ੍ਰਦਰਸ਼ਨ ਕੀਤਾ ਹੈ, ਆਪਣੇ ਜੀਵਨ ਨੂੰ ਮੁੜ ਬਣਾਇਆ ਹੈ ਅਤੇ ਆਪਣੇ ਵਿਸ਼ਵਾਸ ਦੇ ਸਿਧਾਂਤਾਂ ਨੂੰ ਕਾਇਮ ਰੱਖਣਾ ਜਾਰੀ ਰੱਖਿਆ ਹੈ, ਜਿਸ ਵਿੱਚ ਸਾਰਿਆਂ ਲਈ ਭਾਈਚਾਰਕ ਸੇਵਾ ਅਤੇ ਨਿਆਂ ਪ੍ਰਤੀ ਵਚਨਬੱਧਤਾ ਸ਼ਾਮਲ ਹੈ; ਅਤੇ ਨਿਊਯਾਰਕ ਰਾਜ, ਅਤੇ ਖਾਸ ਤੌਰ 'ਤੇ ਕਵੀਨਜ਼, ਨਿਊਯਾਰਕ, ਇੱਕ ਪ੍ਰਫੁੱਲਤ ਸਿੱਖ ਆਬਾਦੀ ਦਾ ਘਰ ਹੈ, ਜਿਸ ਵਿੱਚ ਕਈ ਗੁਰਦੁਆਰੇ ਪੂਜਾ, ਸਿੱਖਿਆ ਅਤੇ ਸਮਾਜ ਸੇਵਾ ਦੇ ਕੇਂਦਰਾਂ ਵਜੋਂ ਸੇਵਾ ਕਰਦੇ ਹਨ, ਜਿਸ ਵਿੱਚ ਸਿੱਖ ਸੈਂਟਰ ਆਫ਼ ਨਿਊਯਾਰਕ ਵੀ ਸ਼ਾਮਲ ਹੈ, ਜੋ ਕਿ 1972 ਵਿੱਚ ਖੇਤਰ ਵਿੱਚ ਪਹਿਲੇ ਸਿੱਖ ਸੰਸਥਾਵਾਂ ਵਿੱਚੋਂ ਇੱਕ ਵਜੋਂ ਸਥਾਪਿਤ ਕੀਤਾ ਗਿਆ ਸੀ । ਨਿਊਯਾਰਕ ਵਿੱਚ ਸਿੱਖ ਭਾਈਚਾਰੇ ਨੇ ਕਾਰੋਬਾਰ, ਦਵਾਈ, ਜਨਤਕ ਸੇਵਾ, ਕਾਨੂੰਨ ਲਾਗੂ ਕਰਨ ਅਤੇ ਅਕਾਦਮਿਕ ਖੇਤਰ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣੇ ਯੋਗਦਾਨ ਰਾਹੀਂ ਰਾਜ ਨੂੰ ਅਮੀਰ ਬਣਾਇਆ ਹੈ, ਜਦੋਂ ਕਿ ਅੰਤਰ-ਧਰਮ-ਸੰਵਾਦ ਅਤੇ ਮਾਨਵਤਾਵਾਦੀ ਯਤਨਾਂ ਰਾਹੀਂ ਅੰਤਰ-ਸੱਭਿਆਚਾਰਕ ਸਮਝ ਅਤੇ ਸ਼ਮੂਲੀਅਤ ਨੂੰ ਉਤਸ਼ਾਹਿਤ ਕੀਤਾ ਹੈ । ਸਿੱਖ ਆਪਣੀ ਨਿਰਸਵਾਰਥ ਸੇਵਾ ਲਈ ਜਾਣੇ ਜਾਂਦੇ ਹਨ, ਜਿਸਦੀ ਉਦਾਹਰਣ ਸਮੁਦਾਇਕ ਰਸੋਈਆਂ ਦੁਆਰਾ ਦਿੱਤੀ ਜਾਂਦੀ ਹੈ ਜੋ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ ਸਾਰੇ ਲੋਕਾਂ ਨੂੰ ਮੁਫਤ ਭੋਜਨ ਪ੍ਰਦਾਨ ਕਰਦੇ ਹਨ । 1984 ਦੀਆਂ ਭਿਆਨਕ ਘਟਨਾਵਾਂ ਨੂੰ ਪਛਾਣਨਾ ਇਤਿਹਾਸਕ ਬੇਇਨਸਾਫ਼ੀਆਂ ਨੂੰ ਸਵੀਕਾਰ ਕਰਨ, ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਅਤੇ ਸਿੱਖ ਭਾਈਚਾਰੇ ਨਾਲ ਏਕਤਾ ਵਿੱਚ ਖੜ੍ਹੇ ਹੋਣ ਵੱਲ ਇੱਕ ਮਹੱਤਵਪੂਰਨ ਕਦਮ ਹੈ, ਇਸ ਲਈ, ਇਹ ਹੱਲ ਕੀਤਾ ਗਿਆ ਹੈ, ਕਿ ਇਹ ਵਿਧਾਨ ਸਭਾ ਨਿਊਯਾਰਕ ਰਾਜ ਵਿੱਚ ਸਿੱਖ ਭਾਈਚਾਰੇ ਦੀ ਤਾਕਤ, ਲਚਕੀਲੇਪਣ ਅਤੇ ਯੋਗਦਾਨ ਦਾ ਸਨਮਾਨ ਕਰਦੀ ਹੈ, ਰਾਜ ਦੇ ਸੱਭਿਆਚਾਰਕ ਅਤੇ ਆਰਥਿਕ ਜੀਵਨ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਸਵੀਕਾਰ ਕਰਦੀ ਹੈ । ਇਹ ਵਿਧਾਨ ਸਭਾ ਸਿੱਖ ਭਾਈਚਾਰੇ ਦੇ ਯੋਗਦਾਨ ਨੂੰ ਮਾਨਤਾ ਦਿੰਦੀ ਹੈ ਅਤੇ 1984 ਦੇ ਸਿੱਖ ਕਤਲੇਆਮ ਨੂੰ ਅਧਿਕਾਰਤ ਮਾਨਤਾ ਰਾਹੀਂ ਯਾਦ ਕਰਦੀ ਹੈ। ਇਸ ਮੌਕੇ ਪੰਥਕ ਸੇਵਾਦਾਰ ਭਾਈ ਹਿੰਮਤ ਸਿੰਘ ਯੂ ਐਸਏ ਅਤੇ ਹੋਰ ਪਤਵੰਤੇ ਸੱਜਣ ਹਾਜਿਰ ਸਨ । ਇਸ ਮੌਕੇ ਡਬਲਊਐਸਪੀ ਦੇ ਨੁਮਾਇੰਦਿਆਂ ਵੱਲੋਂ ਸਿੱਖ ਨਸਲਕੁਸ਼ੀ ਸਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸਨੂੰ ਸਟੇਟ ਦੇ ਇਲੈਕਟਡ ਨੁਮਾਇੰਦੇ ਤੇ ਹੋਰ ਲੋਕਾਂ ਨੇ ਬਹੁਤ ਧਿਆਨ ਨਾਲ ਵੇਖਿਆ ਅਤੇ ਇਸ ਬਾਰੇ ਜਾਣਕਾਰੀ ਵੀ ਸਾਂਝੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਰੋਸ ਧਰਨੇ ਦੇ ਸਮੂਹ ਪੰਜਾਬ ਵਾਸੀ ਪਹੁੰਚਣ—ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ



**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ)** :—ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨ ਦੀ ਬਹਾਲੀ ਲਈ 28 ਮਾਰਚ ਨੂੰ ਭਾਰੀ ਗਿਣਤੀ ਵਿਚ ਰੋਸ ਧਰਨੇ ਵਿਚ ਪਹੁੰਚੋ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਰੋਸ ਧਰਨਾ 28 ਮਾਰਚ ਦਿਨ ਸ਼ੁਕਰਵਾਰ ਨੂੰ ਸ: ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਦੇਖ ਰੇਖ ਹੇਠ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਪੰਜਾਬ ਭਰ ਤੋਂ ਭਾਰੀ ਗਿਣਤੀ ਵਿਚ ਸੰਗਤਾਂ, ਮਹਾਂਪੁਰਸ਼ ਪਹੁੰਚ ਰਹੇ ਹਨ ਤਾਂ ਜ਼ੋ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਤਖਤ ਸਾਹਿਬਾਨਾਂ ਦੇ ਜਥੇਦਾਰ ਵਜੋਂ ਤੁਰੰਤ ਸੇਵਾ ਸੰਭਾਲ ਮੁੜ ਸੌਂਪ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਦੀ ਪੰਥ ਦੀਆਂ ਭਾਵਨਾਵਾਂ ਦਾ ਸਤਿਕਾਰ ਕਰੇ। ਜੇਕਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦ ਅੰਤਰਿੰਗ ਕਮੇਟੀ ਆਪਣੇ ਅੜੀਅਲ ਵਤੀਰੇ ਤੇ ਰਹੀ ਤਾਂ ਸਿੱਖ ਪੰਥ ਤੁਹਾਨੂੰ ਕਦੇ ਵੀ ਮੁਆਫ ਨਹੀਂ ਕਰੇਗਾ। ਭਾਈ ਸਾਹਿਬ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਪੰਜਾਬ ਭਰ ਦੀਆਂ ਸੰਗਤਾਂ, ਸੰਤ ਸਮਾਜ ਅਤੇ ਹੋਰ ਧਾਰਮਿਕ ਜਥੇਬੰਦੀਆਂ, ਸਮੁੱਚੇ ਪੰਥ ਨੂੰ ਅਪੀਲ ਕੀਤੀ ਕਿ ਬਹੁਤ ਭਾਰੀ ਗਿਣਤੀ ਵਿਚ ਇਸ ਰੋਸ ਧਰਨੇ ਤੇ ਪਹੁੰਚੇ।

## ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਰੋਸ ਧਰਨੇ ਵਿਚ ਪਹੁੰਚਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ—ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ





**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ)** :— ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਰੋਸ ਧਰਨੇ ਵਿਚ ਪਹੁੰਚਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਝੋਕ ਮੋਹੜੇ ਦਮਦਮੀ ਟਕਸਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਤਖਤ ਸਾਹਿਬਾਨਾਂ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ 28 ਮਾਰਚ ਨੂੰ ਬਹੁਤ ਭਾਰੀ ਰੋਸ ਧਰਨਾ ਸ: ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੰਤ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਸੁਚੱਜੀ ਅਗਵਾਈ ਹੇਠ ਦਿੱਤਾ ਜਾ ਰਿਹਾ ਹੈ। ਇਸ ਰੋਸ ਧਰਨੇ ਸਬੰਧੀ ਪਿੰਡਾਂ ਵਿਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਿੰਡ ਨਿਵਾਸੀ ਮੰਗ ਕਰ ਰਹੇ ਹਨ ਕਿ ਰੋਸ ਧਰਨੇ ਵਿਚ ਜਾਣ ਲਈ ਸਾਡੇ ਪਿੰਡ ਬੱਸਾਂ ਭੇਜ਼ੋ, ਭਾਈ ਰਛਪਾਲ ਸਿੰਘ, ਭਾਈ ਵੀਰਪਾਲ ਸਿੰਘ ਨੇ ਪਿੰਡਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਰੋਸ ਧਰਨੇ ਵਿਚ ਜਾਣ ਲਈ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਪਿੰਡ ਝੋਕ ਮੋਹੜੇ ਬਰਾਂਚ ਦਮਦਮੀ ਟਕਸਾਲ ਫ਼ਿਰੋਜ਼ਪੁਰ ਨਾਲ ਸੰਪਰਕ ਕਰੋ ਤਾਂ ਜੋ ਜਿਥੋਂ ਚਾਹੋ ਜਿਹੜੇ ਪਿੰਡ ਚਾਹੋ ਬੱਸਾਂ ਭੇਜ਼ ਦਿੱਤੀਆਂ ਜਾਣਗੀਆਂ।

## ਸਾਬਕਾ ਸੈਨਿਕ ਸੰਘਰਸ਼ ਕਮੇਟੀ ਨੇ ਸੰਘਰਸ਼ ਕਰਕੇ ਦਿੱਤਾ ਮੰਗ ਪੱਤਰ




**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ)** :— ਜ਼ਿਲ੍ਹਾ ਫਿਰੋਜ਼ਪੁਰ ਦੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਸਾਰੇ ਸਾਬਕਾ ਸੈਨਿਕਾਂ ਵੱਲੋਂ ਇਕੱਠੇ ਹੋ ਕਿ ਫਿਰੋਜ਼ਪੁਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਧੀਨ ਨਾਇਬ ਤਹਿਸੀਲਦਾਰ ਕਰਮਜੀਤ ਸਿੰਘ ਦੀ ਹਾਜਰੀ ਵਿੱਚ ਮੈਰੰਡਮ ਦੇਸ਼ ਦੇ ਰਾਸ਼ਟਰਪਤੀ ਸ੍ਰੀਮਤੀ ਦਰੋਪਤੀ ਮੁਰਮੂ ਅਤੇ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਭੇਜਣ ਵਾਸਤੇ ਦਿੱਤਾ ਗਿਆ। ਗੱਲਬਾਤ ਕਰਦਿਆਂ ਸਾਬਕਾ ਸੈਨਿਕ ਰਿਟਾ ਕਰਨਲ ਕਸ਼ਮੀਰ ਸਿੰਘ, ਰਿਟਾ ਕਰਨਲ ਜੇਪੀ ਸਿੰਘ ਭੁੱਲਰ, ਕੈਪਟਨ ਚਰਨ ਸਿੰਘ ਕੀਰਤੀ ਚੱਕਰ, ਕਮੇਟੀ ਚੇਅਰਮੈਨ, ਕੈਪਟਨ ਜਰਨੈਲ ਸਿੰਘ ਕਮੇਟੀ ਪ੍ਰਧਾਨ, ਹਵਾਲਦਾਰ ਲਖਬੀਰ ਸਿੰਘ ਜਰਨਲ ਸਕੱਤਰ ਨੇ ਕਿਹਾ ਕਿ ਜੋ ਕਿ ਕੁੱਝ ਦਿਨ ਪਹਿਲਾਂ ਪਟਿਆਲਾ ਵਿਖੇ ਫੌਜ ਦੇ ਮੌਜੂਦਾ ਕਰਨਲ ਅਤੇ ਉਸ ਦੇ ਬੇਟੇ ਦੀ ਕੁੱਟਮਾਰ ਕੀਤੀ ਗਈ ਸੀ ਉਸ ਦੇ ਸਬੰਧ ਵਿੱਚ ਦੋਸ਼ੀਆ ਦੇ ਖਿਲਾਫ ਜਲਦ ਤੋਂ ਜਲਦ ਕਾਰਵਾਈ ਕਰਨ ਵਾਸਤੇ ਲਿਖਿਆ ਗਿਆ ਹੈ।

### ਗੁਰਦੁਆਰਾ ਜਾਮਨੀ ਸਾਹਿਬ ਵਿਖੇ

# ਬਣੀ ਨਵੀਂ ਕਾਰ ਪਾਰਕਿੰਗ ਦਾ ਬਾਬਾ ਜਗਤਾਰ ਸਿੰਘ ਵੱਲੋਂ ਉਦਘਾਟਨ



**ਫ਼ਿਰੋਜ਼ਪੁਰ, 25 ਮਾਰਚ (ਮਨੋਹਰ ਲਾਲ)** :— ਇਲਾਕੇ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਬਜੀਦਪੁਰ ਵਿਖੇ ਨਵੀਂ ਬਣੀ ਕਾਰ ਪਾਰਕਿੰਗ ਦਾ ਉਦਘਾਟਨ ਬਾਬਾ ਜਗਤਾਰ ਸਿੰਘ ਕਾਰ ਸੇਵਾ ਵਾਲਿਆਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਰਦਾਸ ਬੇਨਤੀ ਕਰਨ ਉਪਰੰਤ ਕੀਤਾ। ਇਸ ਮੌਕੇ ਤੇ ਬਾਬਾ ਮਹਿੰਦਰ ਸਿੰਘ ਅਤੇ ਬਾਬਾ ਗੁਰਮੇਲ ਸਿੰਘ ਕਾਰ ਸੇਵਾ ਵਾਲਿਆਂ ਸਮੇਤ ਜਥੇਦਾਰ ਦਰਸ਼ਨ ਸਿੰਘ ਸ਼ੇਰ ਖਾਂ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਸਤਪਾਲ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਪ੍ਰੀਤਮ ਸਿੰਘ ਮਲਸੀਆਂ ਮੈਂਬਰ ਸ਼੍ਰੋਮਣੀ ਕਮੇਟੀ, ਜਥੇਦਾਰ ਦਰਸ਼ਨ ਸਿੰਘ ਬਰਾੜ ਮੋਠਾਂਵਾਲਾ ਮੈਂਬਰ ਸ਼੍ਰੋਮਣੀ ਕਮੇਟੀ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਆਗੂ ਦਿਲਬਾਗ ਸਿੰਘ ਵਿਰਕ, ਕਰਤਾਰ ਸਿੰਘ ਰੁਕਨਾਂ ਮੂੰਗਲਾ, ਜਥੇਦਾਰ ਗੁਰਨਾਮ ਸਿੰਘ ਸੈਦਾਂ ਰੁਹੇਲਾ, ਰਣਜੀਤ ਸਿੰਘ ਸੰਧੂ, ਭਗਵਾਨ ਸਿੰਘ ਸਾਮਾ, ਤੇਜਬੀਰ ਸਿੰਘ ਮੈਨੇਜਰ, ਜਸਪਾਲ ਸਿੰਘ ਮੀਤ ਮੈਨੇਜਰ ਸਮੇਤ ਇਲਾਕੇ ਦੀ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਹਾਜਰ ਸੰਗਤਾਂ ਅਤੇ ਮਹਾਂਪੁਰਖਾਂ ਦਾ ਧੰਨਵਾਦ ਕਰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਸ਼ੇਰ ਖਾਂ, ਫੈਡਰੇਸ਼ਨ ਆਗੂ ਦਿਲਬਾਗ ਸਿੰਘ ਵਿਰਕ, ਅਤੇ ਕਰਤਾਰ ਸਿੰਘ ਰੁਕਨਾਂ ਮੂੰਗਲਾ ਨੇ ਕਿਹਾ ਕਿ ਬੀਤੇ ਲੰਮੇਂ ਸਮੇਂ ਤੋਂ ਇਨ੍ਹਾਂ ਅਸਥਾਨਾਂ ਦੀ ਕਾਰ ਸੇਵਾ ਬਾਬਾ ਜਗਤਾਰ ਸਿੰਘ ਦੇ ਜਥੇ ਵੱਲੋਂ ਕੀਤੀ ਜਾ ਰਹੀ ਹੈ, ਜਿਸ ਨਾਲ ਬਹੁਤ ਸੁੰਦਰ ਇਮਾਰਤਾਂ ਤਿਆਰ ਕੀਤੀਆਂ ਹਨ ਅਤੇ ਹੁਣ ਸੰਗਤਾਂ ਦੀ ਰੋਜ਼ਾਨਾ ਇਨ੍ਹਾਂ ਅਸਥਾਨਾ ਤੇ ਆਮਦ ਵੱਧ ਰਹੀ, ਜਿਸ ਨਾਲ ਸਾਧਨ ਖੜ੍ਹੇ ਕਰਨ ਚ ਬਹੁਤ ਦਿੱਕਤ ਆਉਂਦੀ ਸੀ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਆਮਦ ਨੂੰ ਦੇਖਦੇ ਹੋਏ ਸ਼ੁਰੂ ਕੀਤੀ ਇਸ ਕਾਰ ਪਾਰਕਿੰਗ ਨਾਲ ਬਹੁਤ ਵੱਡੀ ਸਹੂਲਤ ਸੰਗਤਾਂ ਨੂੰ ਸਾਧਨ ਖੜ੍ਹੇ ਕਰਨ ਲਈ ਮਿਲੇਗੀ। ਇਸ ਮੌਕੇ ਬੁਲਾਰਿਆਂ ਨੇ ਮਹਾਂਪੁਰਖਾਂ ਦਾ ਇਸ ਵੱਡੀ ਸੇਵਾ ਨਿਭਾਉਣ ਲਈ ਅਤੇ ਸੰਗਤਾਂ ਦਾ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ।

**ਇਲਾਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਵੱਡੀ ਗਿਣਤੀ ਸੰਗਤਾਂ ਹੋਈਆਂ ਹਾਜ਼ਰ**

### ਖ਼ਾਲਸਾ ਜੀ !

# ਸਾਨੂੰ ਸਭ ਨੂੰ 'ਭਿੰਡਰਾਂਵਾਲੇ' ਬਣਨਾ ਪੈਣੇ

160 ਦੇਸ਼ਾਂ ਵਿੱਚ ਵੱਸਦੇ ਖ਼ਾਲਸਾ ਜੀਓ ! ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ ਜੀ॥ ਆਖ਼ਰਕਾਰ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਵਿੱਚ ਕੋਈ ਤਾਂ ਖ਼ਾਸੀਅਤ ਸੀ, ਜਿਨ੍ਹਾਂ ਦਾ ਅੱਜ ਚਾਲ਼ੀ ਸਾਲ ਬਾਅਦ ਵੀ ਭਾਰਤ ਦੇਸ਼ ਦੀ ਲੋਕ ਸਭਾ ਵਿੱਚ ਨਾਮ ਜਪਿਆ ਜਾ ਰਿਹਾ ਹੈ। ਉਹ ਅੰਮ੍ਰਿਤਧਾਰੀ, ਗੁਰਸਿੱਖ, ਨਿੱਤਨੇਮੀ, ਰਹਿਤ ਮਰਿਆਦਾ ਵਿੱਚ ਪ੍ਰਪੱਕ, ਬਾਣੀ-ਬਾਣੇ ਦੇ ਧਾਰਨੀ, ਰੋਜ਼ਾਨਾ ਨਿੱਤਨੇਮ ਤੋਂ ਇਲਾਵਾ 101 ਜਪੁਜੀ ਸਾਹਿਬ ਜੀ ਦਾ ਪਾਠ ਕਰਨ ਵਾਲੇ, ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ, ਜੋ ਕਹਿਣੀ ਅਤੇ ਕਰਨੀ ਦੇ ਸੂਰੇ ਅਤੇ ਜੰਗਜੂ ਯੋਧੇ ਸਨ।

ਉਹਨਾਂ ਦੇ ਇੱਕ ਬੋਲ ਉੱਤੇ ਹਜ਼ਾਰਾਂ ਸੂਰਮੇ ਜਾਨਾਂ ਕੁਰਬਾਨ ਕਰਨ ਲਈ ਤਿਆਰ ਹੋ ਜਾਂਦੇ ਸਨ। ਉਹਨਾਂ ਨੇ ਗੁਰੂ ਸਾਹਿਬਾਨ ਜੀਆਂ ਦੇ ਮਾਰਗ ਉੱਤੇ ਚੱਲਦਿਆਂ ਹਿੰਦੂਆਂ ਦੀਆਂ ਬਹੂ-ਬੇਟੀਆਂ ਗੁੰਡਿਆਂ-ਬਦਮਾਸ਼ਾਂ ਤੋਂ ਛੁਡਵਾਈਆਂ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਦਿੱਤੀਆਂ। ਉਹਨਾਂ ਨੇ ਆਪਣੇ ਕੋਲੋਂ ਪੈਸੇ ਦੇ ਕੇ ਗੁਰਦਾਸਪੁਰ ਦੀ ਜੇਲ੍ਹ ਵਿੱਚ ਹਿੰਦੂ ਭਰਾਵਾਂ ਦੇ ਪੂਜਾ-ਪਾਠ ਲਈ ਮੰਦਿਰ ਵੀ ਬਣਵਾਇਆ। ਉਹਨਾਂ ਨੇ ਆਪਣੇ ਦੋ-ਢਾਈ ਕੁ ਸੌ ਸਾਥੀਆਂ ਦੇ ਨਾਲ ਹੀ ਚਮਕੌਰ ਦੀ ਕੱਚੀ ਗੜ੍ਹੀ ਦਾ ਇਤਿਹਾਸ ਰੱਚਦਿਆਂ, ਭਾਰਤ-ਰੂਸ-ਇੰਗਲੈਂਡ-ਇਜ਼ਰਾਈਲ ਦੀਆਂ ਜੰਗੀ ਤਕਨੀਕਾਂ ਦਾ ਬੁਥਾੜਾ ਭੰਨਿਆ ਅਤੇ ਨਿਵੇਕਲਾ ਇਤਿਹਾਸ ਰੱਚਦਿਆਂ ਜਾਮ-ਏ-ਸ਼ਹਾਦਤ ਪੀਤਾ।



ਗ਼ੱਦਾਰ ਪਹਾੜੀ ਹਿੰਦੂ ਰਾਜਿਆਂ ਦੀ ਗੰਦੀ ਔਲਾਦ ਅਤੇ ਗੁਜਰਾਤ ਦਾ ਰਜਿਸਟਰਡ ਗੁੰਡਾ-ਤੜੀਪਾਰ, ਇੱਕ ਜੱਜ ਦਾ ਕਾਤਲ, ਮੁਸਲਮਾਨ ਭਰਾਵਾਂ-ਭੈਣਾਂ-ਬੱਚਿਆਂ ਦਾ ਕਾਤਲ, ਮੁਸਲਮਾਨ ਬੀਬੀਆਂ-ਭੈਣਾਂ-ਬੱਚੀਆਂ ਨਾਲ ਜਬਰ-ਜਿਨਾਹ ਕਰਵਾਉਣ ਦਾ ਜ਼ਿੰਮੇਵਾਰ, ਗਰਭਵਤੀ ਮੁਸਲਮਾਨ ਬੀਬੀਆਂ ਦੇ ਪੇਟ ਚੀਰ ਕੇ ਵਿੱਚੋਂ ਭਰੂਣ (ਬੱਚੇ) ਕਢਵਾ ਕੇ ਜਿੰਦਾ ਸੜਾਉਣ ਵਾਲਾ ਭਾਰਤ ਦੇਸ਼ ਦਾ ਗ੍ਰਹਿ-ਮੰਤਰੀ ਅਮਿਤ ਸ਼ਾਹ ਇਹ ਗੱਲ ਰਾਜ ਸਭਾ ਵਿੱਚ ਖਲੋ ਕੇ ਕਹਿੰਦਾ ਹੈ ਕਿ "ਕੁਝ ਲੋਕ ਪੰਜਾਬ ਵਿੱਚ ਭਿੰਡਰਾਂਵਾਲ਼ਾ ਬਣਨ ਦੀ ਕੋਸ਼ਿਸ਼ ਕਰ ਰਹੇ ਸਨ, ਅੱਜ ਕੱਲ੍ਹ ਉਹ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰ ਰਹੇ ਹਨ।"

ਦੁਸ਼ਟ ਹਿੰਦੂ ਮਾਨਸਿਕਤਾ ਵਿੱਚੋਂ ਹੀ ਅਜਿਹੇ ਬਿਆਨ ਨਿਕਲ਼ਦੇ ਹਨ। ਭਿੰਡਰਾਂਵਾਲੇ ਸੰਤਾਂ ਨਾਲ਼ ਗੱਲਬਾਤ-ਵਿਚਾਰ ਕਰਨ ਲਈ ਭਾਰਤ ਦੇ ਧਰਮ ਸ਼ਾਸ਼ਤਰੀ, ਰਾਜਨੀਤਿਕ, ਦੇਸ਼-ਵਿਦੇਸ਼ ਦੇ ਪੱਤਰਕਾਰ ਅਤੇ ਰਾਮ ਜੇਠਮਲਾਨੀ ਵਰਗੇ ਵਕੀਲ ਵੀ ਆਉਂਦੇ ਰਹੇ। ਉਹ ਸੰਤ ਸਿਪਾਹੀ ਅਤੇ ਸੱਚ ਦੇ ਪੁਜਾਰੀ ਸਨ।

ਭਾਈ ਅੰਮ੍ਰਿਤਪਾਲ ਸਿੰਘ ਨੇ ਉਹਨਾਂ ਦੇ ਨਕਸ਼ੇ-ਕਦਮਾਂ ਉੱਪਰ ਚੱਲਦਿਆਂ ਸਿੱਖ ਨੌਜਵਾਨੀ ਨੂੰ ਅੰਮ੍ਰਿਤਧਾਰੀ ਹੋਣ ਅਤੇ ਨਸ਼ੇ ਛੱਡਣ ਲਈ ਪ੍ਰੇਰਿਆ।

ਗ੍ਰਹਿ ਮੰਤਰੀ ਸਾਬ ! ਨਾ ਹੀ ਭਿੰਡਰਾਂਵਾਲੇ ਬਣਨਾ ਕੋਈ ਮਾੜੀ ਗੱਲ ਹੈ ਅਤੇ ਨਾ ਹੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨਾ ਹੀ ਮਾੜੀ ਗੱਲ ਹੈ। ਮਾੜੀ ਗੱਲ ਇਹ ਹੈ ਕਿ ਰਾਜ ਦੇ ਨਸ਼ੇ ਵਿੱਚ ਤੁਹਾਡੀ ਅਤੇ ਅਮਨ ਸੂਦ ਵਰਗਿਆਂ ਦੀ ਮੱਤ ਮਾਰੀ ਗਈ ਹੈ। ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਹਿੰਦੂ-ਸਿੱਖ-ਮੁਸਲਮਾਨ-ਇਸਾਈ-ਜੈਨੀ-ਬੋਧੀ-ਪਾਰਸੀ-ਇਮਾਮ-ਸਾਫੀ ਸਾਰੇ ਹੀ ਕਰਦੇ ਹਨ। ਗੁਰਾਂ ਦੀ ਬਾਣੀ ਸਾਂਝੀਵਾਲਤਾ ਦਾ ਉਪਦੇਸ਼ ਦਿੰਦੀ ਹੈ। ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਣ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ ਸਿੱਖਾਂ ਤੋਂ ਇਲਾਵਾ ਰੋਜ਼ਾਨਾਂ ਲੱਖਾਂ ਲੋਕ ਆਉਂਦੇ ਹਨ।

ਸੋ ਸਾਡੀ ਸਮੁੱਚੀ ਸਿੱਖ ਕੌਮ ਨੂੰ ਬੇਨਤੀ ਹੈ ਕਿ ਸੰਤ ਭਿੰਡਰਾਂਵਲਿਆਂ ਨੇ ਤਾਂ ਹੁਣ ਮੁੜ ਕੇ ਤਾਂ ਆਉਣਾ ਨਹੀਂ, ਆਪਾਂ ਸਾਰੇ ਸਿੱਖ ਅੰਮ੍ਰਿਤਧਾਰੀ, ਸ਼ਸਤਰਧਾਰੀ, ਰਹਿਤ ਮਰਯਾਦਾ ਵਿੱਚ ਪ੍ਰਪੱਕ ਹੋ ਕੇ ਭਿੰਡਰਾਂਵਾਲੇ ਬਣੀਏ ਅਤੇ ਅਮਿਤ ਸ਼ਾਹ ਅਤੇ ਅਮਨ ਸੂਦ ਵਰਗੇ ਗੁੰਡਿਆਂ ਨੂੰ ਮੂੰਹ ਤੋੜ ਜਵਾਬ ਦੇਈਏ, ਜਿਸ ਤਰ੍ਹਾਂ ਪਿਛਲੇ ਦਿਨਾਂ ਵਿੱਚ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਭੁਪਿੰਦਰ ਸਿੰਘ ਛੇ ਜੂਨ, ਭਾਈ ਪਰਮਜੀਤ ਸਿੰਘ ਮੰਡ, ਭਾਈ ਬਲਜੀਤ ਸਿੰਘ ਅਤੇ ਹੋਰ ਸਿੱਖ ਬੁਲਾਰਿਆਂ ਨੇ ਦਿੱਤਾ ਹੈ। ਬਾਕੀ ਦੁਨੀਆਂ ਦੇ ਲੋਕਾਂ ਨੂੰ ਆਪਣੇ ਕੌਮੀ ਘਰ ਖ਼ਾਲਿਸਤਾਨ ਪ੍ਰਤੀ ਜਾਗਰੂਕ ਕਰੋ। ਗੁਰਦੁਆਰਾ ਸਾਹਿਬਾਨ ਵਿੱਚ ਧਰਮ ਪ੍ਰਚਾਰ ਦੀ ਲਹਿਰ ਦੇ ਨਾਲ਼-ਨਾਲ਼ ਵਿਚਾਰ ਗੋਸ਼ਟੀਆਂ, ਸੈਮੀਨਾਰ ਕਰਵਾਓ ਅਤੇ ਨਵੀਂ ਸਿੱਖ ਪਨੀਰੀ ਨੂੰ ਗੁਰਮੁਖੀ, ਗੁਰਬਾਣੀ, ਸਿੱਖ-ਇਤਿਹਾਸ ਨਾਲ ਜੋੜਨ ਦੇ ਕਾਰਜ ਆਰੰਭ ਕਰੋ। ਨੀਂਦਾਂ ਨੂੰ ਤਿਆਗ ਕੇ ਦਿਨ ਦੇ ਚੌਵੀ ਘੰਟਿਆਂ ਵਿੱਚੋਂ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਕੁਝ ਸਮਾਂ ਜ਼ਰੂਰ ਕੱਢੋ।



ਜੇ ਇਕੱਲੇ ਲੰਗਰ ਲਾਉਣ ਨਾਲ ਕੰਮ ਚੱਲਦਾ ਹੁੰਦਾ ਤਾਂ ਗੁਰੂ ਸਾਹਿਬਾਨ ਜੀ ਨੂੰ ਹਥਿਆਰ ਰੱਖਣ, ਫ਼ੌਜਾਂ ਤਿਆਰ ਕਰਨ ਅਤੇ ਜੰਗਾਂ ਲੜਨ ਦੀ ਲੋੜ ਨਹੀਂ ਸੀ ਪੈਣੀ । ਬਾਣੀ ਵੀ ਪੜ੍ਹਨੀ ਹੈ ਤੇ ਜਿੱਥੇ ਲੋੜ ਹੈ ਓਥੇ ਲੰਗਰ ਵੀ ਲਾਉਣੇ ਹਨ ਪਰ ਸ਼ਸ਼ਤਰਧਾਰੀ ਹੋ ਕੇ ਹੱਕ ਲੈਣ ਲਈ ਖ਼ਾਲਿਸਤਾਨ ਬਣਾਉਣ ਲਈ ਹਮੇਸ਼ਾ ਤਿਆਰ ਰਹਿਣਾ ਹੈ।

ਅਸੀਂ ਵੀ ਛੇਤੀ ਹੀ ਗ਼ਦਰੀ ਬਾਬਿਆਂ ਵਾਂਗ ਆਪਦਾ ਕਛਹਿਰਾ-ਪਰਨਾ ਚੁੱਕ ਕੇ ਪੰਜਾਬ ਆ ਸਕਦੇ ਹਾਂ ਜੀ। ਬਾਕੀ ਕਿਰਪਾ ਗੁਰੂ ਸਾਹਿਬ ਜੀ ਨੇ ਕਰਨੀ ਹੈ, ਉਹਨਾਂ ਨੇ ਸੇਵਾ ਲੈਣੀ ਹੈ। ਦਾਸਾਂ ਨੇ ਤਾਂ ਅਰਦਾਸੇ ਸੋਧੇ ਹੋਏ ਹਨ।

ਭੁੱਲਾਂ-ਚੁੱਕਾਂ ਦੀ ਖ਼ਿਮਾ ਬਖ਼ਸ਼ਣੀ ਜੀ।

**- ਹਰਪ੍ਰੀਤ ਸਿੰਘ ਪੰਮਾ ਅਜ਼ਾਦ**
**(ਆਸਟਰੀਆ)**

# 25 ਮਾਰਚ 2025: ਸੈਸ਼ਨਜ਼ ਕੋਰਟ ਵੱਲੋ ਭਾਈ ਨਾਰਾਇਣ ਸਿੰਘ ਚੌੜਾ ਦੀ ਜ਼ਮਾਨਤ ਮਨਜ਼ੂਰ





ਸੁਖਬੀਰ ਬਾਦਲ ਤੇ ਗੋਲੀ ਚਲਾਉਣ ਦੀ ਕੋਸ਼ਿਸ਼ ਦੇ ਇਰਾਦਾ ਕਤਲ ਕੇਸ ਵਿੱਚ ਭਾਈ ਨਾਰਾਇਣ ਸਿੰਘ ਚੌੜਾ ਦੀ ਜਮਾਨਤ ਦੀ ਸੁਣਵਾਈ ਕਰਦਿਆਂ ਸ੍ਰੀ ਸੁਮਿਤ ਘਈ, ਵਧੀਕ ਸੈਸ਼ਨਜ਼ ਜੱਜ, ਸ੍ਰੀ ਅੰਮ੍ਰਿਤਸਰ ਨੇ ਸਫਾਈ ਪੱਖ ਦੇ ਵਕੀਲ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਪੰਜ ਆਬ, ਐਡਵੋਕੇਟ Adv Baljinder Singh Bajwa ਤੇ ਐਡਵੋਕੇਟ Jagdeep S Randhawa ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਭਾਈ ਨਾਰਾਇਣ ਸਿੰਘ ਦੀ ਜਮਾਨਤ ਮਨਜ਼ੂਰ ਕਰ ਲਈ ਹੈ।

# ਸਹਾਇਕ ਲਾਈਨਮੈਨਾਂ ਨੂੰ ਲਾਈਨਮੈਨ ਬਣਾਉਣਾ ਭੁਲੀ ਪਾਵਰਕੌਮ ਮੈਨੇਜਮੈਂਟ 27 ਮਾਰਚ 2025 ਨੂੰ ਹੈਡ ਆਫਿਸ ਪਟਿਆਲਾ ਸਾਹਮਣੇ ਰੋਸ ਪ੍ਰਦਰਸ਼ਨ ਕਰਨਗੇ ਸਮੂਹ ਸਹਾਇਕ ਲਾਈਨਮੈਨ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਆਪਣੇ ਹੀ ਕੀਤੇ ਫੈਸਲਿਆ ਤੌਂ ਮੁਕਰਦੀ ਨਜਰ ਆ ਰਹੀ ਹੈ ਸੀ ਆਰ ਏ 289/2016 ਅਤੇ ਸੀ ਆਰ ਏ 295/2019 ਤਹਿਤ ਭਰਤੀ ਕੀਤੇ ਸਹਾਇਕ ਲਾਈਨਮੈਨ ਅਸਲੀਅਤ ਤੌਰ ਤੇ ਯੋਗਤਾ ਅਨੁਸਾਰ ਲਾਈਨਮੈਨ ਹੀ ਸਨ ਪਰ ਸਮੇ ਦੀਆ ਜਾਲਮ ਸਰਕਾਰਾਂ ਅਤੇ ਮੈਨੇਜਮੈਂਟ ਨੇ ਇਕ ਘਟੀਆਂ ਸਰਕੂਲਰ ਜਾਰੀ ਕਰਕੇ ਓਹਨਾਂ ਨੂੰ ਸਹਾਇਕ ਲਾਈਨਮੈਨ ਭਰਤੀ ਕੀਤਾ ਅਤੇ ਚਾਰ ਸਾਲ ਬਾਅਦ ਲਾਈਨਮੈਨ ਬਣਾਉਣ ਦਾ ਮਤਾ ਪਾਸ ਕੀਤਾ ਸੀ। ਪਰ ਪੰਜ ਛੇ ਸਾਲ ਬੀਤਣ ਬਾਅਦ ਵੀ ਓਹਨਾ ਨੂੰ ਲਾਈਨਮੈਨ ਨਹੀਂ ਬਣਾਇਆ ਗਿਆ ਜਿਸ ਦੇ ਰੋਸ ਵਜੋ ਮੁਲਾਜ਼ਮ ਯੂਨਾਈਟਿਡ ਆਰਗੇਨਾਇਜੇਸ਼ਨ ਪੀ ਐਸ ਪੀ ਸੀ ਐਲ /ਪੀ ਐਸ ਟੀ ਸੀ ਐਲ ਵਲੋ ਪ੍ਰਧਾਨ ਬਲਕੌਰ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਵਿਸ਼ਾਲ ਰੋਸ ਧਰਨਾ 27 ਮਾਰਚ 2025 ਨੂੰ ਹੈਡ ਆਫਿਸ ਪਟਿਆਲਾ ਵਿਖੇ ਲਗਾਇਆ ਜਾ ਰਿਹਾ ਹੈ] ਓਕਤ ਜਾਣਕਾਰੀ ਸਾਝਾਂ ਕਰਦਿਆ ਮੁਲਾਜ਼ਮ ਯੂਨਾਈਟਿਡ ਆਰਗੇਨਾਈਜੇਸ਼ਨ ਦੇ ਸੂਬਾ ਮੀਤ ਪ੍ਰਧਾਨ ਮੇਵਾ ਸਿੰਘ ਮੀਮਸਾ ਨੇ ਦਸਿਆ ਕਿ ਪਾਵਰਕੌਮ ਮੈਨੇਜਮੈਂਟ ਨੇ ਪਹਿਲਾਂ ਹੀ ਸਹਾਇਕ ਲਾਈਨਮੈਨਾਂ ਭਰਤੀ ਬਹੁਤ ਲੇਟ ਕੀਤੀ ਅਤੇ ਫਿਰ ਆਪਣੇ ਹੀ ਬਣਾਏ ਸਰਕੁਲਰ ਅਨਸਾਰ ਚਾਰ ਸਾਲ ਬਾਅਦ ਲਾਈਨਮੈਨ ਨਹੀ ਬਣਾਇਆ ਜਿਸ ਦੇ ਰੋਸ ਵਜੋ 27 ਮਾਰਚ ਨੂੰ ਸਮੂਹ 289/16 ਅਤੇ 295/19 ਵਾਲੇ ਭਰਤੀ ਸਹਾਇਕ ਲਾਈਨਮੈਨ ਪਾਵਰਕਾਰਪੋਰੇਸ਼ਨ ਦੇ ਹੈਡ ਆਫਿਸ ਪਟਿਆਲਾ ਵਿਖੇ ਵਿਸ਼ਾਲ ਰੋਸ ਧਰਨਾ ਦੇਣਗੇ ਅਤੇ ਧਰਨੇ ਦੌਰਾਨ ਹੋਣ ਵਾਲੀ ਕਿਸੇ ਵੀ ਦਿੱਕਤ ਦੀ ਜਿੰਮੇਵਾਰ ਪਾਵਰਕਾਰਪੋਰੇਸ਼ਨ ਮੈਨੇਜਮੈਂਟ ਹੋਵੇਗੀ।

# ਜਥੇਦਾਰ ਗੜਗੱਜ਼ ਵੱਲੋਂ ਅਹੁਦਾ ਸੰਭਾਲਣ ਵੇਲੇ ਮਰਿਆਦਾ ਦੀ ਹੋਈ ਉਲੰਘਣਾ ਬਾਰੇ ਧਾਮੀ ਚੁੱਪ

**ਅੰਮ੍ਰਿਤਸਰ • ਆਵਾਜ਼ਿ ਕੌਮ ਬਿਊਰੋ**

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਅਸਤੀਫਾ ਸਵੀਕਾਰ ਨਾ ਕੀਤੇ ਜਾਣ ਤੋਂ ਬਾਅਦ ਮੁੜ ਅਹੁਦਾ ਸੰਭਾਲਣ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਅਤੇ ਹੋਰ ਤਖਤ ਸਾਹਿਬਾਨ ਦੇ ਜਥੇਦਾਰਾਂ ਦੀਆਂ ਨਿਯੁਕਤੀਆਂ, ਕਾਰਜ ਖੇਤਰ ਅਤੇ ਸੇਵਾ ਮੁਕਤੀ ਦੇ ਨਿਯਮ ਤੈਅ ਕੀਤੇ ਜਾਣ ਲਈ ਕਮੇਟੀ ਕਾਇਮ ਕਰਨ ਅਤੇ ਸਾਰੀਆਂ ਪੰਥਕ ਜਥੇਬੰਦੀਆਂ, ਸਿੱਖ ਸੰਪਰਦਾਵਾਂ ਦੇ ਮਾਣ ਸਤਿਕਾਰ ਨੂੰ ਕਾਇਮ ਰੱਖਣ ਬਾਰੇ ਕਿਹਾ ਹੈ। ਧਾਮੀ ਵੱਲੋਂ ਜਾਰੀ ਕੀਤੇ ਗਏ ਇਸ ਬਿਆਨ ਦੌਰਾਨ ਕਈ ਟਕਸਾਲੀ ਸਿੱਖ ਜਥੇਬੰਦੀਆਂ ਨੇ ਕਿਹਾ ਹੈ ਕਿ ਸਾਰੇ ਪੰਥਕ ਨਿਯਮਾਂ ਅਤੇ ਮਰਿਯਾਦਾ ਦੀ ਉਲੰਘਣਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਬਣਾਏ ਗਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਅਹੁਦਾ ਸੰਭਾਲਣ ਵੇਲੇ ਜੋ ਪੰਥਕ ਮਰਿਯਾਦਾ ਦਾ ਘਾਣ ਕੀਤਾ ਗਿਆ ਹੈ, ਉਸ ਮਾਮਲ 'ਤੇ ਧਾਮੀ ਕੁੱਝ ਨਹੀਂ ਬੋਲੇ। ਪੰਥਕ ਜਥੇਬੰਦੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਅੱਧੀ ਰਾਤ ਨੂੰ ਜਥੇਦਾਰ ਗੜਗਜ ਨੂੰ ਸੇਵਾ ਸੰਭਾਲਣ ਲਈ ਵਰਤੇ ਗਏ ਢੰਗ ਤਰੀਕਿਆਂ ਉੱਪਰ ਸਖਤ ਇਤਰਾਜ ਪ੍ਰਗਟਾਇਆ ਗਿਆ ਹੈ। ਸਿੱਖ ਜਥੇਬੰਦੀਆਂ ਐਡਵੋਕੇਟ ਧਾਮੀ ਤੋਂ ਇਸ ਮਾਮਲੇ ਵਿੱਚ ਵੀ ਸਪੱਸ਼ਟੀਕਰਨ ਮੰਗ ਰਹੀਆਂ ਹਨ ਕਿ ਉਹ ਇਸ ਬਾਰੇ ਵੀ ਸ਼੍ਰੋਮਣੀ ਕਮੇਟੀ ਦੀ ਸਥਿਤੀ ਸਪੱਸ਼ਟ ਕਰਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
International Newspaper

ਅਦਾਲਤੀ ਹਲਫਨਾਮੇ 'ਚ 'ਆਪ' ਸਰਕਾਰ ਖੁਦ ਮੰਨੀ ਕਿ

# ਕਿਸਾਨੀ ਮੋਰਚਿਆਂ ਨੂੰ ਅਸੀਂ ਖਦੇੜਿਆ- ਜੀਤਮਹਿੰਦਰ ਸਿੱਧੂ



ਤਲਵੰਡੀ ਸਾਬੋ, 25 ਮਾਰਚ (ਗੁਰਜੰਟ ਸਿੰਘ ਨਥੇਹਾ)- ਵਿਧਾਨ ਸਭਾ ਸ਼ੈਸਨ ਦੌਰਾਨ ਕਿਸਾਨੀ ਮੋਰਚਿਆਂ 'ਤੇ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਤੋਂ ਭੱਜਦੀ ਨਜ਼ਰ ਆ ਰਹੀ ਆਮ ਆਦਮੀ ਪਾਰਟੀ ਸਰਕਾਰ ਦੇ ਹੁਣ ਇੱਕ ਜ਼ਿੰਮੇਵਾਰ ਪੁਲਿਸ ਅਧਿਕਾਰੀ ਨੇ ਅਦਾਲਤ 'ਚ ਦਾਇਰ ਹਲਫਨਾਮੇ 'ਚ ਮੰਨ ਲਿਐ ਕਿ ਕਿਸਾਨਾਂ ਦੇ ਦਿੱਲੀ ਕੂਚ ਦੀਆਂ ਸੰਭਾਵਨਾਵਾਂ ਦੇ ਮੱਦੇਨਜ਼ਰ ਸ਼ੰਭੂ ਅਤੇ ਖਨੌਰੀ ਮੋਰਚਿਆਂ ਨੂੰ ਖਦੇੜਨਾ ਪਿਆ, ਇਸ ਹਲਫਨਾਮੇ ਤੋਂ ਸਾਬਿਤ ਹੋ ਜਾਂਦੈ ਕਿ ਸਰਕਾਰ ਪੂਰੇ ਪ੍ਰਕਰਣ 'ਚ ਸਿੱਧੀ ਸ਼ਾਮਿਲ ਸੀ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਗੱਲਬਾਤ ਦੌਰਾਨ ਕੀਤਾ। ਸਾਬਕਾ ਵਿਧਾਇਕ ਸਿੱਧੂ ਜੋ ਆਪਣੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ ਸਮੇਤ ਇੱਥੇ ਇੱਕ ਨਿੱਜੀ ਪ੍ਰੋਗਰਾਮ 'ਚ ਸ਼ਮੂਲੀਅਤ ਕਰਨ ਪੁੱਜੇ ਸਨ ਨੇ ਬਾਅਦ 'ਚ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਪੁਲਿਸ ਦੇ ਅਧਿਕਾਰੀ ਦੁਆਰਾ ਅਦਾਲਤ 'ਚ ਦਾਇਰ ਹਲਫਨਾਮੇ ਤੋਂ ਇਹ ਸਾਬਿਤ ਹੋ ਗਿਆ ਹੈ ਕਿ ਪੰਜਾਬ ਪੁਲਿਸ ਨੇ ਇੰਟੈਲੀਜੈਂਸ ਦੀਆਂ ਕੁਝ ਰਿਪੋਰਟਾਂ ਨੂੰ ਆਧਾਰ ਬਣਾਕੇ ਸ਼ੰਭੂ ਅਤੇ ਖਨੌਰੀ ਮੋਰਚਿਆਂ ਨੂੰ ਢਹਿ ਢੇਰੀ ਕੀਤਾ ਅਤੇ ਹੁਣ ਜਦੋਂ ਖੁਦ ਪੁਲਿਸ ਇਹ ਗੱਲ ਮੰਨ ਚੁੱਕੀ ਹੈ ਤਾਂ ਫਿਰ 'ਆਪ' ਸਰਕਾਰ ਕਿਸਾਨਾਂ ਵਿਰੁਧ ਕਾਰਵਾਈ ਦੀ ਜ਼ਿੰਮੇਵਾਰੀ ਤੋਂ ਕਿਵੇਂ ਭੱਜੇਗੀ। ਉਨਾਂ ਕਿਹਾ ਕਿ ਇਸ ਪੂਰੇ ਪ੍ਰਕਰਣ ਨੇ ਸਾਬਿਤ ਕਰ ਦਿਤਾ ਹੈ ਕਿ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਤੋਂ ਪਹਿਲਾਂ ਹੀ ਪੰਜਾਬ ਸਰਕਾਰ ਨੇ ਮੋਰਚਿਆਂ ਨੂੰ ਖਦੇੜਨ ਦੀ ਤਿਆਰੀ ਕਰ ਲਈ ਸੀ ਅਤੇ ਮੀਟਿੰਗ ਲਈ ਪੁੱਜੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਕੇ ਉਸਨੇ ਇਸਨੂੰ ਅੰਜਾਮ ਵੀ ਦੇ ਦਿੱਤਾ। ਸਿੱਧੂ ਨੇ ਕਿਹਾ ਕਿ ਪੰਜਾਬ ਦੀ ਕਿਸਾਨੀ ਨਾਲ ਆਮ ਆਦਮੀ ਪਾਰਟੀ ਸਰਕਾਰ ਨੇ ਧ੍ਰੋਹ ਕੀਤਾ ਹੈ ਜਿਸਨੂੰ ਕਦੇ ਭੁਲਾਇਆ ਨਹੀ ਜਾ ਸਕਦਾ। ਉਨਾਂ ਨੇ ਮੋਰਚੇ ਨੂੰ ਖਦੇੜਨ ਦੌਰਾਨ ਕਿਸਾਨਾਂ ਦੇ ਕਰੋੜਾਂ ਰੁਪਏ ਦੇ ਚੋਰੀ ਹੋਏ ਸਮਾਨ ਦੇ ਮਾਮਲੇ ਚ ਇੱਕ ਨਿਰਪੱਖ ਉੱਚ ਪੱਧਰੀ ਜਾਂਚ ਕਮੇਟੀ ਬਣਾਉਣ ਦੀ ਮੰਗ ਵੀ ਕੀਤੀ ਤਾਂਕਿ ਸੱਚ ਸਾਹਮਣੇ ਆ ਸਕੇ। ਇਸ ਮੌਕੇ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਨਵਇੰਦਰ ਸਿੰਘ ਨਵੀ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਬਚਿੱਤਰ ਸਿੰਘ ਸਾਬਕਾ ਉਪ ਚੇਅਰਮੈਨ, ਸਮੁੰਦਾ ਸਿੰਘ ਗਿੱਲ ਸਾਬਕਾ ਪ੍ਰਧਾਨ ਕੋ. ਸੁਸਾਇਟੀ, ਤੇਜ ਰਾਮ ਸ਼ਰਮਾ, ਕ੍ਰਿਸ਼ਨ ਯਾਦਵ, ਸੁਰਜੀਤ ਸ਼ਰਮਾ ਜਗਾ ਰਾਮ ਤੀਰਥ, ਦਰਸ਼ਨ ਗਿੱਲ, ਕੁਲਦੀਪ ਰਾਇਲ ਆਦਿ ਆਗੂ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਤੋਂ ਤਖਤ ਪਟਨਾ ਸਾਹਿਬ ਆਈ ਸੰਗਤ ਦਾ ਹੋਇਆ ਐਕਸੀਡੈਂਟ, ਪ੍ਰਬੰਧਕ ਕਮੇਟੀ ਨੇ ਕਰਵਾਇਆ ਇਲਾਜ



ਨਵੀਂ ਦਿੱਲੀ 25 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਪੰਜਾਬ ਦੇ ਰਾਜਪੁਰਾ ਤੋਂ ਤਖਤ ਪਟਨਾ ਸਾਹਿਬ ਦਰਸ਼ਨ ਲਈ ਪਹੁੰਚੀਆਂ ਬੀਬੀਆਂ ਦਾ ਅੱਜ ਸਵੇਰੇ ਪਟਨਾ ਦੇ ਮੈਰੀਨ ਡ੍ਰਾਈਵ ਤੇ ਤੇਜ਼ ਰਫਤਾਰ ਕਾਰ ਨਾਲ ਐਕਸੀਡੈਂਟ ਹੋ ਗਿਆ। ਤਖਤ ਪਟਨਾ ਸਾਹਿਬ ਤੋਂ 5 ਬੀਬੀਆਂ ਬੈਟਰੀ ਰਿਕਸ਼ੇ 'ਤੇ ਸਵਾਰ ਹੋ ਕੇ ਹਾਂਡੀ ਸਾਹਿਬ ਗੁਰਦੁਆਰਾ ਸਾਹਿਬ ਮੱਥਾ ਟੇਕਣ ਜਾ ਰਹੀਆਂ ਸਨ ਜਦੋਂ ਬੈਟਰੀ ਰਿਕਸ਼ਾ ਮੈਰੀਨ ਡ੍ਰਾਈਵ ਤੋਂ ਹੋ ਕੇ ਗੋਲੰਬਰ ਦੇ ਨੇੜੇ ਪਹੁੰਚਿਆ ਤਾਂ ਪਿੱਛੋਂ ਆ ਕੇ ਕਾਰ ਨੇ ਜੋਰਦਾਰ ਟੱਕਰ ਮਾਰੀ ਜਿਸ ਨਾਲ ਰਿਕਸ਼ਾ ਉਲਟ ਗਿਆ। ਹਾਦਸੇ ਦੇ ਸਮੇਂ ਪਟਨਾ ਵਾਸੀ ਮਨਪ੍ਰੀਤ ਸਿੰਘ ਉਥੇ ਤੋਂ ਗੁਜ਼ਰ ਰਹੇ ਸਨ ਜਿਨ੍ਹਾਂ ਨੇ ਇਸ ਦੀ ਜਾਣਕਾਰੀ ਤਖਤ ਪਟਨਾ ਸਾਹਿਬ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੂੰ ਦਿੱਤੀ। ਮੀਤ ਪ੍ਰਧਾਨ ਗੁਰਵਿੰਦਰ ਸਿੰਘ ਵੀ ਜਾਣਕਾਰੀ ਮਿਲਦਿਆਂ ਤੁਰੰਤ ਮੌਕੇ 'ਤੇ ਪਹੁੰਚ ਗਏ ਅਤੇ ਫੱਟੜ ਬੀਬੀਆਂ ਨੂੰ ਤੁਰੰਤ ਹਸਪਤਾਲ ਲੈ ਗਏ। ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਨੇ ਤਖਤ ਸਾਹਿਬ ਦੇ ਸਟਾਫ ਮੇਜਰ ਸਿੰਘ ਅਤੇ ਹੋਰਾਂ ਨੂੰ ਭੇਜਿਆ ਜਿਨ੍ਹਾਂ ਨੇ ਉਥੇ ਪਹਿਲਾਂ ਤੋਂ ਮੌਜੂਦ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਮਨਪ੍ਰੀਤ ਸਿੰਘ ਨਾਲ ਮਿਲ ਕੇ ਮਦਦ ਕਾਰਜ ਨੇਪੜੇ ਚਾੜਿਆ। ਗੁਰਵਿੰਦਰ ਸਿੰਘ ਨੇ ਦੱਸਿਆ ਕਿ ਹਾਦਸੇ ਵਿੱਚ ਹਰਮਨ ਕੌਰ ਦੀ ਸਥਿਤੀ ਗੰਭੀਰ ਸੀ ਜਿਨ੍ਹਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ, ਜਿਵੇਂ ਕਿ ਕਮਲਜੀਤ ਕੌਰ ਅਤੇ ਬਲਜਿੰਦਰ ਕੌਰ ਦੇ ਕੰਧੇ ਵਿੱਚ ਚੋਟ ਆਈ ਸੀ ਜਿਨ੍ਹਾਂ ਨੂੰ ਪ੍ਰਾਇਮਰੀ ਉਚਾਰ ਦੇ ਕੇ ਛੁੱਟੀ ਦੇ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਧਾਰੀਵਾਲ ਵਿੱਚ ਇਲਾਕੇ ਦੀਆਂ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੀ

# ਸਾਂਝੀ ਇਕੱਤਰਤਾ ਦੋਰਾਂਗਲਾ ਵਿਖੇ ਕੀਤੀ ਗਈ














ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਧਾਰੀਵਾਲ ਵਿੱਚ ਇਲਾਕੇ ਦੀਆਂ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੀ ਸਾਂਝੀ ਇਕੱਤਰਤਾ ਦੋਰਾਂਗਲਾ ਵਿਖੇ ਕੀਤੀ ਗਈ।ਜਿਸ ਵਿੱਚ ਵੱਖ ਵੱਖ ਬੁਲਾਰਿਆਂ ਵਲੋਂ ਬੋਲਦਿਆਂ ਇੱਕ ਸੁਰ ਇਹ ਗੱਲ ਦਾ ਹੋਕਾ ਦਿੱਤਾ ਕਿ ਗੁਰੂ ਜੁਗਤ ਨਾਲ ਏਕਤਾ ਕਰਕੇ ਹੀ ਸੰਗਤਾਂ ਵਿੱਚ ਜਾਇਆ ਜਾਵੇ ਬੁਲਾਰਿਆਂ ਵਲੋਂ ਬੋਲਦਿਆਂ ਕਿਹਾ ਗਿਆ ਕਿ ਸੰਗਤ ਦੇ ਦਸਵੰਧ ਨਾਲ ਜਿਉਣ ਵਾਲਿਆਂ ਨੂੰ ਤਿਆਗਕੇ ਦਸਵੰਧ ਕੱਢਣ ਵਾਲਿਆਂ ਨੂੰ ਪੰਥਕ ਕਾਰਜਾਂ ਲਈ ਅੱਗੇ ਲਿਆਂਦਾ ਜਾਵੇ । ਹਰਵਿੰਦਰ ਪਾਲ ਸਿੰਘ ਜੈਨਪੁਰ ਨੇ ਅੱਜ ਦੀ ਇਕੱਤਰਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੌਮ ਦੀਆਂ ਵੱਖ ਵੱਖ ਜਥੇਬੰਦੀਆਂ ਪੰਥਕ ਤਾਲਮੇਲ ਸੰਗਠਨ, ਅਕਾਲ ਪੁਰਖ ਕੀ ਫੌਜ , ਦਲ ਖਾਲਸਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ,ਪੰਥ ਸੇਵਕ ਜਥਾ ਮਾਝਾ ,ਸਿੱਖ ਸਦਭਾਵਨਾ ਦਲ, ਸ਼ੇਰੇ ਪੰਜਾਬ ਦਲ ,ਬੇਗਮਪੁਰਾ ਖਾਲਸਾ ਰਾਜ ਪਾਰਟੀ ,ਦਸ਼ਮੇਸ਼ ਵੈਲਫੇਅਰ ਭਲਾਈ ਕਲੱਬ ,ਸਾਡਾ ਪੰਜਾਬ ਫੈਡਰੇਸ਼ਨ ,ਸਿੱਖ ਵੈਲਫੇਅਰ ਫਾਊਂਡੇਸ਼ਨ ਧਾਰੀਵਾਲ, ਬਾਬਾ ਸ੍ਰੀ ਚੰਦ ਵੈਲਫੇਅਰ ਸੋਸਾਇਟੀ, ਨਿਹੰਗ ਸਿੰਘ ਦਲ ਪੰਥ ,ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਜਥੇਬੰਦੀਆਂ ਦੇ ਆਗੂ ਗਿਆਨੀ ਕੇਵਲ ਸਿੰਘ, ਜਸਵਿੰਦਰ ਸਿੰਘ ਐਡਵੋਕੇਟ, ਸੁਖਦੀਪ ਸਿੰਘ ਮੀਕੇ, ਜਥੇਦਾਰ ਸਤਨਾਮ ਸਿੰਘ, ਦਿਲਬਾਗ ਸਿੰਘ, ਜਸਵਿੰਦਰ ਸਿੰਘ ਕਾਹਨੂੰਵਾਨ, ਇੰਦਰਪਾਲ ਸਿੰਘ, ਅਮਨਪ੍ਰੀਤ ਸਿੰਘ, ਕੁਲਵੰਤ ਸਿੰਘ ਮਝੈਲ, ਸੁਖਜਿੰਦਰ ਸਿੰਘ ਗੰਜੀ,ਪੰਕਜ ਸਿੰਘ ਧਾਰੀਵਾਲ,ਹਲਕਾ ਧਾਰੀਵਾਲ ਦੀਆਂ ਪੰਚਾਇਤਾਂ ਦੇ ਸਰਪੰਚ, ਕਰਮਜੀਤ ਸਿੰਘ ਸਰਪੰਚ ਦੋਰਾਂਗਲਾ , ਨਿਸ਼ਾਨ ਸਿੰਘ ਸਰਪੰਚ ਖੁਸ਼ੀਪੁਰ , ਮੁਖਤਿਆਰ ਸਿੰਘ ਬਾਜਵਾ ਸਾਬਕਾ ਸਰਪੰਚ ਤਲਵੰਡੀ, ਕਸ਼ਮੀਰ ਸਿੰਘ ਸਾਬਕਾ ਸਰਪੰਚ ਨੌਸ਼ਹਿਰਾ, ਬਲਦੇਵ ਸਿੰਘ ਮਲੂਕ ਚੱਕ, ਗੁਰਜੀਤ ਸਿੰਘ ਗਾਲ੍ਹੜੀ, ਨਰਿੰਦਰ ਪਾਲ ਸਿੰਘ ਗਾਲ੍ਹੜੀ ਸਤਨਾਮ ਸਿੰਘ ਗਾਲ੍ਹੜੀ, ਸੁਖਜਿੰਦਰ ਸਿੰਘ ਗੰਜੀ, ਦਲਬੀਰ ਸਿੰਘ ਸਾਬਕਾ ਸਰਪੰਚ ਠੁੰਡੀ , ਅਜੇਪਾਲ ਸਿੰਘ ਸ਼ਾਹਪੁਰ, ਮਹਿੰਦਰ ਸਿੰਘ ਥੰਮਣ, ਕਰਨੈਲ ਸਿੰਘ ਆਦੀ, ਰਘਬੀਰ ਸਿੰਘ ਹਰਦਾਨਾ,ਸਰਪੰਚ ਸ਼ਮਸ਼ੇਰ ਸਿੰਘ ਕੋਟ ਮੋਹਨ ਲਾਲ, ਸਾਬਕਾ ਸਰਪੰਚ ਜਗਜੀਤ ਸਿੰਘ ਲਾਡੀ ਜੋੜ੍ਹਾ ਛਿੱਤਰਾ, ਪੰਚ ਮਨਪ੍ਰੀਤ ਸਿੰਘ ਕੋਟਲੀ ਮੋਹੀਆਂ, ਪੰਚ ਰੋਮੀ ਮੰਗਲਸੈਣ, ਗੁਰਮੁੱਖ ਸਿੰਘ ਤੱਤਲਾ, ਗੁਰਕੀਰਤ ਸਿੰਘ ਗਜਨੀਪੁਰ, ਗੁਰਪ੍ਰੀਤ ਸਿੰਘ ਨਰਪੁਰ,ਸਾਬੀ ਸਿੱਧਵਾਂ ਜਮੀਤਾ, ਮਲਕੀਤ ਸਿੰਘ ਖੋਖਰ, ਬਲਰਾਜ ਸਿੰਘ ਗਾਹਲੜੀ, ਤਲਵਿੰਦਰ ਸਿੰਘ ਸਲੇਮਪੁਰ ਅਰਾਇਆ , ਦਰਸ਼ਨ ਸਿੰਘ ਸਰਾਵਾਂ,ਪੰਚਾਇਤ ਮੈਂਬਰ ਹਰਦੇਵ ਸਿੰਘ ਖੁਸ਼ੀ ਪੁਰ ਪੰਚਾਇਤ ਮੈਂਬਰ ਲਖਵਿੰਦਰ ਸਿੰਘ ਖੁਸ਼ੀ ਪੁਰ ਪੰਚਾਇਤ ਮੈਂਬਰ ਸੁਲੱਖਣ ਸਿੰਘ ਖੁਸ਼ੀ ਪਰ ਹਰਮੀਤ ਸਿੰਘ ਬੈਂਸ ਨਿਰਮਲ ਸਿੰਘ ਮੱਦੇਪੁਰ ਪਰਮਜੀਤ ਸਿੰਘ ਸਰਪੰਚ ਚੌਂਤਰਾ ਲਵਪ੍ਰੀਤ ਸਿੰਘ ਤਾਜਪੁਰ ਸਰਪੰਚ ਨਿਸ਼ਾਨ ਸਿੰਘ ਖੁਸ਼ੀਪੁਰ ਬਲਕਾਰ ਸਿੰਘ ਗਡੀਆਂ ਕਲਾਂ ਅਮਨਦੀਪ ਸਿੰਘ ਅਲੂਣਾ ਗੁਰਜੀਤ ਸਿੰਘ ਗੱਡੀਆਂ ਕਲਾਂ ਗੁਰਮੀਤ ਸਿੰਘ ਖੁਸ਼ੀ ਪੁਰ ਭੁਪਿੰਦਰ ਸਿੰਘ ਸਾਬਕਾ ਫੌਜੀ , ਅਰਵਿੰਦਰ ਸਿੰਘ ਗੁਰਦੁਆਰਾ ਪ੍ਰਧਾਨ ਸਿੰਘ ਸਭਾ ਦੋਰਾਂਗਲਾ, ਮਾਸਟਰ ਪ੍ਰਭਜਿੰਦਰ ਸਿੰਘ ਗੁਰਦੁਆਰਾ ਪ੍ਰਧਾਨ ਸਮੂਹ ਸਾਧ ਸੰਗਤ, ਸਰਦੂਲ ਸਿੰਘ ਥੰਮਣ , ਰਾਜ ਸਿੰਘ ਹੈਡ ਗ੍ਰੰਥੀ , ਪ੍ਰਿੰਸੀਪਲ ਬਲਕਾਰ ਸਿੰਘ, ਸੁੱਚਾ ਸਿੰਘ , ਫੌਜਾ ਸਿੰਘ ਲੰਬੜਦਾਰ, ਸਰਵਣ ਸਿੰਘ ਪੰਚਾਇਤ ਮੈਂਬਰ, ਅਮਰੀਕ ਸਿੰਘ ਸ਼ਾਹਪੁਰ, ਅਮਰੀਕ ਸਿੰਘ ਸਰਪੰਚ, ਨਿਰਮਲ ਸਿੰਘ ਪਿੰਡ ਆਦੀ, ਸੁਖਜਿੰਦਰ ਸਿੰਘ ਸੋਖੀ , ਮਲਕੀਤ ਸਿੰਘ ਹੈਡ ਗ੍ਰੰਥੀ, ਸੁਰਿੰਦਰ ਸਿੰਘ ਦੋਰਾਂਗਲਾ , ਗੁਰਪ੍ਰੀਤ ਸਿੰਘ ਗੋਪੀ , ਗੌਰਵ ਸਿੰਘ ਚੱਕਰਾਜਾ , ਜੱਸਾ ਚਕਰਾਜਾ , ਮਨਮੋਹਨ ਸਿੰਘ ਰਾਣਾ ਆਦੀ , ਸੁੱਚਾ ਸਿੰਘ ਖੋਖਰ , ਸਤਿੰਦਰ ਸਿੰਘ ਸੱਦਾ , ਸਤਨਾਮ ਸਿੰਘ ਚੌਹਾਨ ਖੋਖਰ, ਬਲਜੀਤ ਸਿੰਘ,ਬਲਕਾਰ ਸਿੰਘ, ਸੁਖਵਿੰਦਰ ਸਿੰਘ , ਮਹਿੰਦਰ ਸਿੰਘ ਸਾਬਕਾ ਸਰਪੰਚ ਤੋਂ ਇਲਾਵਾ ਸੰਗਤ ਵੱਡੀ ਗਿਣਤੀ ਵਿੱਚ ਹਾਜ਼ਰ ਸੀ। ਸਟੇਜ ਸਕੱਤਰ ਦੀ ਸੇਵਾ ਨਿਰਮਲ ਸਿੰਘ ਦੋਰਾਂਗਲਾ ਨੇ ਬਾਖੂਬੀ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

ਹਾਂਗਕਾਂਗ ਗੁਰਦੁਆਰਾ ਖਾਲਸਾ ਦੀਵਾਨ ਸਿੱਖ ਟੈਂਪਲ ਤੋਂ ਵਿਸੇਸ਼ ਉਡਾਨ ਰਾਹੀਂ ਭਾਰਤ ਪੁੱਜੇ

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਾਵਨ 6 ਸਰੂਪਾਂ ਦਾ ਦਿੱਲੀ ਏਅਰਪੋਰਟ ਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਸੰਗਤਾਂ ਸਹਿਤ ਸਵਾਗਤ













ਹਾਂਗਕਾਂਗ ਗੁਰਦੁਆਰਾ ਖਾਲਸਾ ਦੀਵਾਨ ਸਿੱਖ ਟੈਂਪਲ ਤੋਂ ਵਿਸੇਸ਼ ਉਡਾਨ ਰਾਹੀਂ ਭਾਰਤ ਪੁੱਜੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪਾਵਨ 6 ਸਰੂਪਾਂ ਦਾ ਦਿੱਲੀ ਏਅਰਪੋਰਟ ਤੇ ਸੰਗਤਾਂ ਸਹਿਤ ਸਵਾਗਤ ਕਰਦੇ ਹੋਏ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸ.ਮਨਜਿੰਦਰ ਸਿੰਘ ਸਿਰਸਾ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ,ਗੁਰਪ੍ਰਸਾਦ ਸਿੰਘ ਫਰੀਦਾਬਾਦ ਅੰਤ੍ਰਿੰਗ ਮੈਂਬਰ,ਗੁਰਬੀਰ ਸਿੰਘ ਤਲਾਕੌਰ ਮੈਂਬਰ,ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਸਿਕੰਦਰ ਸਿੰਘ ਵਰਾਣਾ ਇੰਚਾਰਜ ਸਭ ਦਫਤਰ ਨਾਢਾ ਸਾਹਿਬ,ਗੁਰਭੇਜ ਸਿੰਘ ਇੰਚਾਰਜ ਮੁੱਖ ਦਫਤਰ ਕੁਰੂਕਸ਼ੇਤਰ,ਬਲਵੰਤ ਸਿੰਘ ਗੋਪਾਲਾ ਇੰਚਾਰਜ ਸਭ ਦਫਤਰ ਧਰਮ ਪ੍ਰਚਾਰ ਸਿਰਸਾ,ਗਿਆਨੀ ਕੋਮਲ ਸਿੰਘ,ਗਿ: ਗੁਰਮੁਖ ਸਿੰਘ ਤੇ ਧਰਮ ਪ੍ਰਚਾਰ ਜੱਥਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਿੱਖ ਮਸਲਿਆਂ ਸਬੰਧੀ ਵਿਸ਼ੇਸ਼ ਇਕੱਤਰਤਾ

## ਗਿਆਨੀ ਸ.ਹਰਪ੍ਰੀਤ ਸਿੰਘ

ਵਿਸ਼ੇਸ਼ ਤੌਰ 'ਤੇ ਨਿਊਯਾਰਕ ਪਹੁੰਚ ਰਹੇ ਹਨ

25 ਮਾਰਚ ਤੋਂ 30 ਮਾਰਚ 2025 ਤੱਕ ਵੱਖ-ਵੱਖ ਨਿਊਯਾਰਕ ਦੇ ਗੁਰਦੁਆਰਿਆਂ 'ਚ ਸਿੱਖ ਮਸਲਿਆਂ ਨੂੰ ਲੈ ਕੇ ਸੰਗਤਾਂ ਨੂੰ ਸੰਬੋਧਨ ਕਰਨਗੇ।

ਗਿਆਨੀ ਹਰਪ੍ਰੀਤ ਸਿੰਘ ਜੀ ਦਾ **ਅਕਾਲੀ ਫੂਲਾ ਸਿੰਘ ਐਵਾਰਡ** ਨਾਲ ਕੀਤਾ ਜਾਵੇਗਾ ਸਨਮਾਨ



## ਵਿਸ਼ੇਸ਼ ਇਕੱਤਰਤਾ

**29 ਮਾਰਚ 2025 ਦਿਨ ਸ਼ਨਿੱਚਰਵਾਰ ਨੂੰ**

ਸ਼ਾਮ 4:00 ਵਜੇ ਤੋਂ 6:00 ਵਜੇ ਤੱਕ ਹੋਵੇਗੀ

ਸਿੱਖ ਮਸਲਿਆਂ ਨੂੰ ਮੁੱਖ ਰੱਖਦੇ ਹੋਏ ਗਿਆਨੀ ਹਰਪ੍ਰੀਤ ਸਿੰਘ ਜੀ ਨਾਲ ਵਿਸ਼ੇਸ਼ ਗੱਲਬਾਤ ਕਰਨ ਲਈ ਸਿੱਖ ਪੰਥਕ ਦਰਦੀਆਂ ਨੂੰ ਸਮੇਂ 'ਤੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

**ਟਰਾਈ ਸਟੇਟ ਦੇ ਸਾਰੀਆਂ ਗੁਰੂਘਰ ਦੀਆਂ ਕਮੇਟੀਆਂ ਤੇ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਸਿੱਖ ਮਸਲਿਆਂ ਸਬੰਧੀ ਸਾਂਝੀ ਵਿਸ਼ੇਸ਼ ਇਕੱਤਰਤਾ ਰੱਖੀ ਗਈ ਹੈ**

# ਪੰਜ ਮੈਂਬਰੀ ਭਰਤੀ ਕਮੇਟੀ ਮੀਟਿੰਗ ਦੀ ਅੱਜ 26 ਮਾਰਚ ਨੂੰ ਜਲੰਧਰ ਵਿਖੇ ਸਵੇਰੇ 10 ਵਜੇ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਤਖ਼ਤ ਮਹਾਨ ਹੈ ਸਿੱਖ ਪੰਥ ਦੀ ਸ਼ਾਨ ਹੈ

**ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਜ਼ਿਲ੍ਹਾ ਜਲੰਧਰ ਦੀ ਸੰਗਤ ਨੂੰ ਭਰਤੀ ਮੀਟਿੰਗ ਵਿੱਚ ਪਹੁੰਚਣ ਦੀ ਅਪੀਲ**

ਮਿਤੀ: 26 ਮਾਰਚ ਦਿਨ ਬੁੱਧਵਾਰ

ਸਮਾਂ: ਸਵੇਰੇ 11 ਵਜੇ

ਗੁਰਦੁਆਰਾ ਨੌਵੀਂ ਪਾਤਸ਼ਾਹੀ ਦੁਖ ਨਿਵਾਰਨ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ

## ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਮੁਹਿੰਮ ਕੱਲ੍ਹ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜਲੰਧਰ ਤੋਂ : ਜਥੇ. ਵਡਾਲਾ



ਜਲੰਧਰ ( ਦਿ ਕਾਲਜ ਲੀਫ਼ ਬਿਓਰੋ ) ਸੀਨੀਅਰ ਅਕਾਲੀ ਆਗੂ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਮੂਹ ਅਹੁਦੇਦਾਰ ਸਾਹਿਬਾਨਾਂ ਅਤੇ ਵਰਕਰ ਸਾਹਿਬਾਨਾਂ ਅਤੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਬਣਾਈ ਪੰਜ ਮੈਂਬਰੀ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸਬੰਧੀ ਮੀਟਿੰਗ ਅਤੇ ਭਰਤੀ ਸ਼ੁਰੂ ਕਰਨ ਲਈ ਸ੍ਰੀ ਗੁਰੂ ਤੇਗ ਬਹਾਦਰ ਗੁਰਦੁਆਰਾ ਸਾਹਿਬ ਨੌਵੀਂ ਪਾਤਸ਼ਾਹੀ ਜਲੰਧਰ ਸ਼ਹਿਰ ਵਿਖੇ ਮੀਟਿੰਗ ਰੱਖੀ ਗਈ ਹੈ। ਉਨ੍ਹਾਂ ਨੇ ਅਪੀਲ ਕੀਤੀ ਹੈ ਕਿ ਇਸ ਮੀਟਿੰਗ ਵਿੱਚ ਹਰ ਪਿੰਡ ਸ਼ਹਿਰ ਵਿੱਚੋ ਵੱਧ ਤੋਂ ਵੱਧ ਸੰਗਤ ਆਵੇ ਤਾਂ ਜੋ ਆਪਾਂ ਪੰਜ ਮੈਂਬਰੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸੱਚੀ ਸੁੱਚੀ ਭਰਤੀ ਕੀਤੀ ਜਾ ਸਕੇ।

## ਦਿੱਲੀ ਅੰਤਰਰਾਸ਼ਟਰੀ ਏਅਰਪੋਰਟ ਤੋਂ ਅੱਜ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 5 ਪਾਵਨ ਸਰੂਪ ਪੂਰਨ ਗੁਰਮਰਿਯਾਦਾ ਅਨੁਸਾਰ

# ਗੁਰਦੁਆਰਾ ਖਾਲਸਾ ਦੀਵਾਨ ਸਿੱਖ ਟੈਂਪਲ ਹਾਂਗਕਾਂਗ ਨੂੰ ਰਵਾਨਾ ਹੋਏ










ਦਿੱਲੀ ਅੰਤਰਰਾਸ਼ਟਰੀ ਏਅਰਪੋਰਟ ਤੋਂ ਅੱਜ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 5 ਪਾਵਨ ਸਰੂਪ ਪੂਰਨ ਗੁਰਮਰਿਯਾਦਾ ਅਨੁਸਾਰ ਗੁਰਦੁਆਰਾ ਖਾਲਸਾ ਦੀਵਾਨ ਸਿੱਖ ਟੈਂਪਲ ਹਾਂਗਕਾਂਗ ਨੂੰ ਰਵਾਨਾ ਹੋਏ 19 ਸਿੰਘ ਜੋ 6 ਪਾਵਨ ਬਿਰਧ ਸਰੂਪ ਲੈ ਕੇ ਆਏ ਸਨ ਅੱਜ ਉਨਾਂ ਨੇ ਏਅਰ ਇੰਡੀਆ ਦੀ ਵਿਸ਼ੇਸ਼ ਉਡਾਨ ਰਾਹੀਂ 5 ਨਵੇਂ ਪਾਵਨ ਸਰੂਪ ਲੈ ਕੇ ਵਾਪਿਸ ਹਾਂਗਕਾਂਗ ਲਈ ਰਵਾਨਗੀ ਕੀਤੀ ਗੁਰਦੁਆਰਾ ਖਾਲਸਾ ਦੀਵਾਨ ਹਾਂਗਕਾਂਗ ਦੀ ਪ੍ਰਬੰਧਕ ਕਮੇਟੀ ਦੇ ਸੈਕਟਰੀ ਭਾਈ ਜਸਕਰਨ ਸਿੰਘ ਹਾਂਗਕਾਂਗ,ਭਾਈ ਜੀਵਨ ਸਿੰਘ ਹਾਂਗਕਾਂਗ,ਭਾਈ ਬਲਜਿੰਦਰ ਸਿੰਘ ਹਾਂਗਕਾਂਗ ਤੇ ਸਾਥੀਆਂ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੀ ਪੂਰੀ ਟੀਮ ਦਾ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਅਗਵਾਈ ਵਿੱਚ ਪੂਰਨ ਸਹਿਯੋਗ ਦੇਣ ਲਈ ਦਿਲ ਦੀਆਂ ਗਹਿਰਾਈਆਂ ਚੋਂ ਵਿਸੇਸ਼ ਧੰਨਵਾਦ ਕੀਤਾ,ਇਸ ਸਮੇਂ ਸਤਿਗੁਰਾਂ ਦੇ ਸਤਿਕਾਰ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ.ਗੁਰਪ੍ਰਸਾਦ ਸਿੰਘ ਫਰੀਦਾਬਾਦ ਅੰਤ੍ਰਿੰਗ ਮੈਂਬਰ,ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਸਿਕੰਦਰ ਸਿੰਘ ਵਰਾਣਾ ਇੰਚਾਰਜ ਸਭ ਦਫਤਰ ਨਾਢਾ ਸਾਹਿਬ,ਗੁਰਭੇਜ ਸਿੰਘ ਇੰਚਾਰਜ ਮੁੱਖ ਦਫਤਰ ਕੁਰੂਕਸ਼ੇਤਰ,ਬਲਵੰਤ ਸਿੰਘ ਗੋਪਾਲਾ ਇੰਚਾਰਜ ਸਭ ਦਫਤਰ ਧਰਮ ਪ੍ਰਚਾਰ ਸਿਰਸਾ,ਗਿਆਨੀ ਕੋਮਲ ਸਿੰਘ,ਗਿ: ਗੁਰਮੁਖ ਸਿੰਘ ਧਰਮ ਪ੍ਰਚਾਰ ਜੱਥਾ,ਬਾਬਾ ਸਤਵਿੰਦਰ ਸਿੰਘ ਦਿੱਲੀ ਵਾਲੇ ਅਤੇ ਪ੍ਰਭਜੋਤ ਸਿੰਘ ਚੰਡੋਕ ਗੁੜਗਾਂਉ ਸਮੇਤ ਸੰਗਤਾਂ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243